THU 13 MAY 2021 | VOLUME: 01 / ISSUE: 169 / PAGES: 04 / PRICE: 5:00 INR


World Punjabi News Network
WORLD PUNJABI ਪੰਜਾਬੀ | ਪੰਜਾਬੀ NEWS
ਲੋਕ ਹਿੱਤ ਵਿੱਚ ਪੱਤਰਕਾਰੀ
@worldpunjabinews
@worldpunjabinewstv
@wpunjabinews
@worldpunjabinews
@worldpunjabinews



# ਕਰੋਨਾ: ਇਕੋ ਦਿਨ ’ਚ ਰਿਕਾਰਡ 4205 ਮੌਤਾਂ, 3.48 ਲੱਖ ਨਵੇਂ ਕੇਸ


## ਲਗਾਤਾਰ ਦੂਜੇ ਦਿਨ ਕੋਵਿਡ-19 ਦੇ ਸਰਗਰਮ ਕੇਸਾਂ ਦੀ ਗਿਣਤੀ ਘਟੀ



**ਨਵੀਂ ਦਿੱਲੀ।** ਸਿਹਤ ਮੰਤਰਾਲੇ ਵੱਲੋਂ ਕਰੋਨਾਵਾਇਰਸ ਦੀ ਬੇਕਾਬੂ ਹੋਈ ਦੂਜੀ ਲਹਿਰ ਕੁਝ ਮੱਠੀ ਪੈਣ ਦੇ ਦਾਅਵਿਆਂ ਦਰਮਿਆਨ ਪਿਛਲੇ 24 ਘੰਟਿਆਂ ਵਿਚ ਕਰੋਨਾ ਕਾਰਨ ਰਿਕਾਰਡ 4,205 ਲੋਕਾਂ ਦੀ ਮੌਤ ਹੋਣ ਮਗਰੋਂ ਭਾਰਤ ਵਿੱਚ ਕੋਵਿਡ-19 ਕਰਕੇ ਮੌਤ ਦੇ ਮੂੰਹ ਪੈਣ ਵਾਲਿਆਂ ਦੀ ਗਿਣਤੀ ਵਧ ਕੇ 2,54,197 ਹੋ ਗਈ ਹੈ, ਜਦੋਂਕਿ ਇਸੇ ਅਰਸੇ ਦੌਰਾਨ ਦੇਸ਼ ਵਿਚ ਕਰੋਨਾ ਦੀ ਲਾਗ ਦੇ 3,48,421 ਨਵੇਂ ਕੇਸ ਸਾਹਮਣੇ ਆਏ ਹਨ, ਜਿਸ ਨਾਲ ਕੋਵਿਡ-19 ਕੇਸਾਂ ਦੀ ਕੁੱਲ ਗਿਣਤੀ ਵਧ ਕੇ 2,33,40,938 ਹੋ ਗਈ ਹੈ। ਇਨ੍ਹਾਂ ਵਿੱਚੋਂ ਸਰਗਰਮ ਕੇਸਾਂ ਦੀ ਗਿਣਤੀ 37,04,099 ਹੈ, ਜੋ ਕੋਵਿਡ ਦੇ ਕੁਲ ਕੇਸ ਲੋਡ ਦਾ 15.87 ਫੀਸਦ ਹੈ। ਪਿਛਲੇ 24 ਘੰਟਿਆਂ ਦੌਰਾਨ ਸਰਗਰਮ ਕੇਸਾਂ ਦੀ ਗਿਣਤੀ ਵਿੱਚ 11,122 ਕੇਸਾਂ ਦਾ ਨਿਘਾਰ ਵੇਖਣ ਨੂੰ ਮਿਲਿਆ ਹੈ। ਉਂਜ ਅੱਜ ਲਗਾਤਾਰ ਦੂਜਾ ਦਿਨ ਹੈ ਜਦੋਂ ਸਰਗਰਮ ਕੇਸਾਂ ਦੀ ਗਿਣਤੀ ਘਟੀ ਹੈ।
ਕਰੋਨਾ ਦੀ ਲਾਗ ਤੋਂ ਉਭਰਨ ਵਾਲਿਆਂ ਦੀ ਗਿਣਤੀ ਵੱਧਣ ਨਾਲ ਕੌਮੀ ਰਿਕਵਰੀ ਦਰ 83.04 ਫੀਸਦ ਹੋ ਗਈ ਹੈ। ਹੁਣ ਤੱਕ 1,93,82,642 ਲੋਕ ਕਰੋਨਾ ਦੀ ਲਾਗ ਨੂੰ ਭਾਂਜ ਦੇ ਕੇ ਤੰਦਰੁਸਤ ਹੋਣ ਵਿੱਚ ਸਫ਼ਲ ਰਹੇ ਹਨ ਜਦੋਂਕਿ ਕਰੋਨਾ ਕਰਕੇ ਹੋਣ ਵਾਲੀਆਂ ਮੌਤਾਂ ਦੀ ਦਰ ਘਟ ਕੇ 1.09 ਫੀਸਦ ਰਹਿ ਗਈ ਹੈ। ਪਿਛਲੇ 24 ਘੰਟਿਆਂ ਦੌਰਾਨ ਹੋਈਆਂ ਰਿਕਾਰਡ 4205 ਮੌਤਾਂ ’ਚੋਂ ਮਹਾਰਾਸ਼ਟਰ ’ਚ 793, ਕਰਨਾਟਕ 480, ਦਿੱਲੀ 347, ਯੂਪੀ 301, ਤਾਮਿਲ ਨਾਡੂ 298, ਪੰਜਾਬ 214, ਛੱਤੀਸਗੜ੍ਹ 199, ਰਾਜਸਥਾਨ 169, ਹਰਿਆਣਾ 144, ਪੱਛਮੀ ਬੰਗਾਲ 132, ਗੁਜਰਾਤ ਤੇ ਉੱਤਰਾਖੰਡ 118-118, ਆਂਧਰਾ ਪ੍ਰਦੇਸ਼ 108 ਤੇ ਝਾਰਖੰਡ ’ਚ 103 ਵਿਅਕਤੀ ਦਮ ਤੋੜ ਗਏ। ਪੰਜਾਬ ਵਿੱਚ ਕਰੋਨਾ ਕਾਰਨ ਹੁਣ ਤੱਕ 10918 ਮੌਤਾਂ ਹੋ ਚੁੱਕੀਆਂ ਹਨ।

# ਕੋਵਿਡ ਦੇ ਟਾਕਰੇ ਲਈ ਕੇਂਦਰ ਵੱਲੋਂ ਨਵਾਂ ਪ੍ਰਬੰਧ

**ਨਵੀਂ ਦਿੱਲੀ।** ਕੇਂਦਰ ਸਰਕਾਰ ਨੇ ਦੇਸ਼ ਵਿੱਚ ਕੋਵਿਡ-19 ਕੇਸਾਂ ’ਚ ਅਸਾਧਾਰਨ ਵਾਧੇ ਦੇ ਹਵਾਲੇ ਨਾਲ ਮਾਨਤਾਪ੍ਰਾਪਤ ਯੋਗਤਾ ਰੱਖਣ ਵਾਲੇ ਆਪਣੇ ਮੁਲਾਜ਼ਮਾਂ ਨੂੰ ਮੈਡੀਕਲ ਪ੍ਰੈਕਟਿਸ ਜਾਂ ਟੈਲੀਕੰਸਲਟੇਸ਼ਨ (ਫੋਨ/ਵਰਚੁਅਲ ਡਾਕਟਰੀ ਸਲਾਹ ਮਸ਼ਵਰੇ) ਦੀ ਆਗਿਆ ਦੇ ਦਿੱਤੀ ਹੈ। ਅਮਲਾ ਤੇ ਸਿਖਲਾਈ ਵਿਭਾਗ (ਡੀਓਪੀਟੀ) ਵੱਲੋਂ ਜਾਰੀ ਹੁਕਮਾਂ, ਜੋ ਕਿ ਫੌਰੀ ਅਮਲ ਵਿੱਚ ਆ ਗਏ ਹਨ, ਵਿੱਚ ਹਾਲਾਂਕਿ ਸਾਫ਼ ਕਰ ਦਿੱਤਾ ਗਿਆ ਹੈ ਕਿ ਅਜਿਹੀ ਪ੍ਰੈਕਟਿਸ ਆਪਣੇ ਖਾਲੀ ਸਮੇਂ ਵਿੱਚ ਹੀ ਕੀਤੀ ਜਾ ਸਕੇਗੀ ਤੇ ਖ਼ਾਲਸ ਪਰਉਪਕਾਰ/ਖੈਰਾਤੀ ਅਧਾਰ ’ਤੇ ਹੋਵੇਗੀ ਤੇ ਇਸ ਨਾਲ ਸਰਕਾਰੀ ਡਿਊਟੀ ਅਸਰਅੰਦਾਜ਼ ਨਾ ਹੁੰਦੀ ਹੋਵੇ।
ਡੀਓਪੀਟੀ ਵਿਭਾਗ ਨੇ ਗ੍ਰਹਿ ਮੰਤਰਾਲੇ ਦੇ 57 ਸਾਲ ਪੁਰਾਣੇ ਹੁਕਮਾਂ ਦੇ ਹਵਾਲੇ ਨਾਲ ਕਿਹਾ ਕਿ ਵਿਭਾਗ ਨੂੰ ਕੇਂਦਰ ਸਰਕਾਰ ਦੇ ਮੁਲਾਜ਼ਮਾਂ ਵੱਲੋਂ ਕਰੋਨਾ ਮਹਾਮਾਰੀ ਦਰਮਿਆਨ ਪ੍ਰੈਕਟਿਸ ਕਰਨ ਤੇ ਟੈਲੀਕੰਸਲਟੇਸ਼ਨ ਸੇਵਾਵਾਂ ਮੁਹੱਈਆ ਕਰਵਾਉਣ ਸਬੰਧੀ ਸਵਾਲ ਪੁੱਛੇ ਜਾ ਰਹੇ ਸਨ। ਵਿਭਾਗ ਨੇ ਹੁਕਮਾਂ ਵਿੱਚ ਕਿਹਾ, ‘‘ਕੋਵਿਡ-19 ਕੇਸਾਂ ਵਿੱਚ ਅਸਾਧਾਰਨ



ਵਾਧੇ ਨੂੰ ਵੇਖਦਿਆਂ, ਅਤੇ ਕੋਵਿਡ-19 ਦੇ ਫੈਲਾਅ ਨੂੰ ਰੋਕਣ ਤੇ ਲੋਕਾਂ ਨੂੰ ਰਾਹਤ ਦੇਣ ਦੇ ਇਰਾਦੇ ਨਾਲ ਸਰਕਾਰ ਨੇ ਆਪਣੇ ਕੋਲ ਮੁਲਾਜ਼ਮਾਂ ਦੇ ਰੂਪ ਵਿੱਚ ਮੌਜੂਦ ਸਮਰੱਥਾ ਨੂੰ ਇਸ ਪਾਸੇ ਲਾਉਣ ਦਾ ਫੈਸਲਾ ਕੀਤਾ ਗਿਆ ਹੈ। ਕੇਂਦਰ ਸਰਕਾਰ ਦੇ ਜਿਨ੍ਹਾਂ ਮੁਲਾਜ਼ਮਾਂ ਕੋਲ ਮੈਡੀਸਨ ਦੀ ਕਿਸੇ ਵੀ ਵੰਨਗੀ ’ਚ ਮਾਨਤਾ ਪ੍ਰਾਪਤ ਯੋਗਤਾ ਹੈ, ਨੂੰ ਪ੍ਰੈਕਟਿਸ ਕਰਨ/ਟੈਲੀਕੰਸਲਟੇਸ਼ਨ ਮੁਹੱਈਆ ਕਰਵਾਉਣ ਲਈ ਆਪਣੇ ਵਿਭਾਗਾਂ ਦੇ ਮੁਖੀਆਂ ਤੋਂ ਪ੍ਰਵਾਨਗੀ ਲੈਣ ਦੀ ਕੋਈ ਲੋੜ ਨਹੀਂ ਹੈ।’ ਹੁਕਮਾਂ ਮੁਤਾਬਕ ਸਰਕਾਰੀ ਮੁਲਾਜ਼ਮ ਮਹਿਜ਼ ਰਿਕਾਰਡ ਦੇ ਮੰਤਵਾਂ ਲਈ ਆਪਣੇ ਸਬੰਧਤ ਵਿਭਾਗਾਂ ਨੂੰ ਸੂਚਿਤ ਜ਼ਰੂਰ ਕਰਨਗੇ। ਅਮਲਾ ਤੇ ਸਿਖਲਾਈ ਵਿਭਾਗ ਵੱਲੋਂ ਜਾਰੀ ਹੁਕਮ ਫੌਰੀ ਅਮਲ ਵਿੱਚ ਆ ਗਏ ਹਨ। ਉਂਜ ਵਿਭਾਗ ਨੇ ਆਪਣੇ ਹੁਕਮਾਂ ਵਿੱਚ ਗ੍ਰਹਿ ਮੰਤਰਾਲੇ ਦੇ 29 ਫਰਵਰੀ 1964 ਦੇ ਹੁਕਮਾਂ ਦਾ ਵੀ ਜ਼ਕਿਰ ਕੀਤਾ ਹੈ, ਜਿਸ ਵਿੱਚ ਕਿਹਾ ਗਿਆ ਸੀ ਕਿ ਵਿਭਾਗੀ ਮੁਖੀ ਦੀ ਪ੍ਰਵਾਨਗੀ ਨਾਲ ਕੇਂਦਰ ਸਰਕਾਰ ਦੇ ਮੁਲਾਜ਼ਮ, ਜਿਨ੍ਹਾਂ ਕੋਲ ਮਾਨਤਾ ਪ੍ਰਾਪਤ ਯੋਗਤਾ ਹੈ, ਮੈਡੀਸਨ ਦੀ ਕਿਸੇ ਵੀ ਵੰਨਗੀ ’ਚ ਪ੍ਰੈਕਟਿਸ ਕਰ ਸਕਦੇ ਹਨ।

# ਕੇਂਦਰ ਵੱਲੋਂ ਭੇਜੇ 90 ਫੀਸਦੀ ਵੈਂਟੀਲੇਟਰ ਨਹੀਂ ਕਰਦੇ ਕੰਮ



**ਚੰਡੀਗੜ੍ਹ।** ਭਾਰਤ ਸਰਕਾਰ ਵੱਲੋਂ ‘ਪੀਐਮ ਕੇਅਰਜ਼ ਫੰਡ’ ਤਹਿਤ ਪੰਜਾਬ ਨੂੰ ਭੇਜੇ ਗਏ 320 ਵੈਂਟੀਲੇਟਰਾਂ ਵਿਚੋਂ ਬਹੁਤੇ ਖਰਾਬ ਨਿਕਲੇ ਹਨ ਤੇ ਕੰਮ ਨਹੀਂ ਕਰ ਰਹੇ। 280 ਦੇ ਕਰੀਬ ਵੈਂਟੀਲੇਟਰ ਖਰਾਬ ਹਨ ਤੇ ਪੰਜਾਬ ਦੇ ਤਿੰਨ ਮੈਡੀਕਲ ਕਾਲਜਾਂ ਦੇ ਸਟੋਰਾਂ ਵਿਚ ਧੂੜ ਫੱਕ ਰਹੇ ਹਨ। ਕੇਂਦਰ ਵੱਲੋਂ ਭੇਜੇ ਗਏ 113 ਵੈਂਟੀਲੇਟਰ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ (ਫਰੀਦਕੋਟ) ਨੂੰ ਸੌਂਪੇ ਗਏ ਸਨ। ਇਨ੍ਹਾਂ ਵਿਚੋਂ 90 ਕੰਮ ਨਹੀਂ ਕਰ ਰਹੇ ਜਦਕਿ 23 ਚੱਲ ਰਹੇ ਹਨ। ਇਸੇ ਤਰ੍ਹਾਂ ਸਰਕਾਰੀ ਮੈਡੀਕਲ ਕਾਲਜ, ਅੰਮ੍ਰਿਤਸਰ ਕੋਲ 109 ਵੈਂਟੀਲੇਟਰ ਹਨ ਜਿਨ੍ਹਾਂ ਵਿਚੋਂ ਸਿਰਫ਼ 12 ਕੰਮ ਕਰ ਰਹੇ ਹਨ। ਸਰਕਾਰੀ ਮੈਡੀਕਲ ਕਾਲਜ (ਪਟਿਆਲਾ) ਕੋਲ 98 ਵੈਂਟੀਲੇਟਰ ਹਨ। ਉੱਥੇ 48 ਵੈਂਟੀਲੇਟਰਾਂ ਦੀ ਮੁਰੰਮਤ ਕਰਵਾਈ ਗਈ ਹੈ, ਪਰ ਇਨ੍ਹਾਂ ਨੂੰ ਵਰਤਿਆ ਨਹੀਂ ਜਾ ਰਿਹਾ ਕਿਉਂਕਿ ਡਾਕਟਰਾਂ ਨੂੰ ਇਨ੍ਹਾਂ ਵੈਂਟੀਲੇਟਰਾਂ ਉਤੇ ਜ਼ਿਆਦਾ ਭਰੋਸਾ ਨਹੀਂ ਹੈ। ਫਿਲਹਾਲ ਉਹ 61 ਵੈਂਟੀਲੇਟਰਾਂ ਨਾਲ ਕੰਮ ਚਲਾ ਰਹੇ ਹਨ ਜੋ ਕਿ ਪਹਿਲਾਂ ਹੀ ਉਨ੍ਹਾਂ ਕੋਲ ਹਨ। ਇਸ ਤਰ੍ਹਾਂ ਕਰੀਬ 285 ਵੈਂਟੀਲੇਟਰ ਸੂਬੇ ਵਿਚ ਵਰਤੋਂ ਤੋਂ ਬਾਹਰ ਹਨ। ਪੰਜਾਬ ਦੇ ਮੈਡੀਕਲ ਸਿੱਖਿਆ ਤੇ ਖੋਜ ਮੰਤਰੀ ਓਮ ਪ੍ਰਕਾਸ਼ ਸੋਨੀ ਨੇ ਇਹ ਮਸਲਾ ਕੇਂਦਰੀ ਸਿਹਤ ਮੰਤਰੀ ਹਰਸ਼ ਵਰਧਨ ਕੋਲ ਉਠਾਇਆ ਹੈ ਜਿਨ੍ਹਾਂ ਯਕੀਨ ਦਿਵਾਇਆ ਹੈ ਕਿ ਕੇਂਦਰ ਸਰਕਾਰ ਮਾਹਿਰਾਂ ਨੂੰ ਭੇਜ ਕੇ ਇਨ੍ਹਾਂ ਨੂੰ ਠੀਕ ਕਰਵਾਏਗੀ। ਸੋਨੀ ਨੇ ਕਿਹਾ ਕਿ ਉਹ ਕੇਂਦਰ ਸਰਕਾਰ ਨੂੰ ਅਪੀਲ ਕਰਦੇ ਹਨ ਕਿ ਉਹ ਉੱਚ ਗੁਣਵੱਤਾ ਵਾਲੇ ਵੈਂਟੀਲੇਂਟਰ ਦੇਣ ਤੇ ਹਰੇਕ ਮੈਡੀਕਲ ਕਾਲਜ ਵਿਚ ਘੱਟੋ-ਘੱਟ ਇਕ ਇੰਜਨੀਅਰ ਨੂੰ ਤਾਇਨਾਤ ਕੀਤਾ ਜਾਵੇ। ਉਹ ਵੈਂਟੀਲੇਟਰਾਂ ਦੀ ਸੰਭਾਲ ਕਰਨ ਤੇ ਮੁਰੰਮਤ ਲਈ ਸਾਮਾਨ ਵੀ ਕੋਲ ਰੱਖਣ। ਇਸ ਤੋਂ ਪਹਿਲਾਂ ਰਾਜਸਥਾਨ ਵੀ ਖਰਾਬ ਵੈਂਟੀਲੇਟਰਾਂ ਦਾ ਮੁੱਦਾ ਕੇਂਦਰ ਸਰਕਾਰ ਕੋਲ ਉਠਾ ਚੁੱਕਾ ਹੈ।

OUR PARTNERS IN PROMOTION
WORLD PUNJABI NEWS NETWORK
WHITECLOUD INTERNATIONAL — WEB PRESENCE PROVIDER
SmartBrainz EXPLORE. CHOOSE. BUY. — TECHNOLOGY PROVIDER
WORLD PUNJABI NEWS NETWORK — NEWS & MEDIA PARTNER
ADVERTISE WITH US
+91 98155 88388
worldpunjabinews@gmail.com

# ਕੋਵਿਡ-19 'ਤੇ ਸਿਆਸਤ



ਪਿਛਲੇ ਸਾਲ ਇਨ੍ਹਾਂ ਦਿਨਾਂ 'ਚ ਹੀ ਮੈਂ ਅੰਗਰੇਜ਼ੀ ਦੇ ਇਕ ਪ੍ਰਮੁੱਖ ਅਖ਼ਬਾਰ ਲਈ ਲਿਖੇ ਇਕ ਲੇਖ ਵਿਚ ਪ੍ਰਧਾਨ ਮੰਤਰੀ ਨੂੰ ਅਰਜ਼ ਕੀਤੀ ਸੀ ਕਿ ਉਹ ਫ਼ੈਸਲੇ ਕਰਨ ਲੱਗਿਆਂ ਵਧੇਰੇ ਸਲਾਹ ਮਸ਼ਵਰੇ ਤੋਂ ਕੰਮ ਲਿਆ ਕਰਨ। ਮੈਂ ਲਿਖਿਆ ਸੀ ਕਿ 'ਕਰੋ-ਨਾਵਾਇਰਸ ਮਹਾਮਾਰੀ ਦੇ ਮੱਦੇਨਜ਼ਰ ਦੇਸ਼ ਨੂੰ ਸੰਭਾਵੀ ਤੌਰ 'ਤੇ ਵੰਡ (ਸੰਤਾਲੀ ਦੀ) ਤੋਂ ਬਾਅਦ ਹੁਣ ਤੱਕ ਦੀ ਸਭ ਤੋਂ ਵੱਡੀ ਚੁਣੌਤੀ ਨਾਲ ਸਿੱਝਣਾ ਪੈ ਰਿਹਾ ਹੈ। ਇਸ ਮਹਾਮਾਰੀ ਅਤੇ ਇਸ ਦੇ ਮਾੜੇ ਅਸਰਾਂ ਕਰਕੇ ਪਹਿਲਾਂ ਹੀ ਅਥਾਹ ਇਨਸਾਨੀ ਕਹਿਰ ਵਰਤ ਚੁੱਕਿਆ ਹੈ ਅਤੇ ਇਸ ਵਿਚ ਕਈ ਗੁਣਾ ਹੋਰ ਇਜ਼ਾਫ਼ਾ ਹੋਵੇਗਾ। ਇਹੋ ਜਿਹੇ ਹਾਲਾਤ ਵਿਚ ਸਮਾਜਿਕ ਭਰੋਸਾ ਬਹਾਲ ਕਰਨ ਅਤੇ ਅਰਥਚਾਰੇ ਦੀ ਮੁੜ ਉਸਾਰੀ ਦਾ ਕੰਮ ਸ਼ਾਇਦ ਕਿਸੇ ਇਕੱਲੇ ਇਕਹਿਰੇ ਬੰਦੇ ਜਾਂ ਉਸ ਦੇ ਭਰੋਸੇਮੰਦ ਸਲਾਹੀਆਂ ਦੀ ਛੋਟੀ ਜਿਹੀ ਜੁੰਡਲੀ ਦੇ ਵੱਸ ਦਾ ਰੋਗ ਨਹੀਂ ਹੁੰਦਾ।'

ਵਡੇਰੀ ਸਮੱਸਿਆ ਦਾ ਖ਼ਾਕਾ ਵਾਹੁੰਦਿਆਂ ਮੈਂ ਸ਼ਾਇਦ ਜ਼ਿਆਦਾ ਹੀ ਫਰਾਖਦਿਲੀ ਦੇ ਰੌਂਅ 'ਚ ਕੁਝ ਠੋਸ ਸਿਫ਼ਾਰਸ਼ਾਂ ਦੇਣ ਦੀ ਪੇਸ਼ਕਸ਼ ਤੱਕ ਚਲਿਆ ਗਿਆ ਸਾਂ। ਖ਼ੈਰ, ਮੈਂ ਜਿਵੇਂ ਕਿਹਾ ਸੀ: ਸ਼ਾਇਦ ਪ੍ਰਧਾਨ ਮੰਤਰੀ ਨੂੰ ਹੋਰ ਜ਼ਿਆਦਾ ਬਰਬਾਦੀ ਤਾਂ ਮਨਜ਼ੂਰ ਹੈ ਪਰ ਸੰਕਟ ਨਾਲ ਸਿੱਝਣ ਦਾ ਤਜਰਬਾ ਰੱਖਣ ਵਾਲੇ ਸਾਬਕਾ ਵਿੱਤ ਮੰਤਰੀਆਂ, ਭਾਵੇਂ ਉਨ੍ਹਾਂ ਦੀ ਵਫ਼ਾਦਾਰੀ ਕਾਂਗਰਸ ਨਾਲ ਹੀ ਕਿਉਂ ਨਾ ਹੋਵੇ, ਨਾਲ ਸਲਾਹ ਮਸ਼ਵਰਾ ਕਰਨਾ ਮਨਜ਼ੂਰ ਨਹੀਂ। ਸਾਬਕਾ ਵਿੱਤ ਸਕੱਤਰਾਂ ਅਤੇ ਭਾਰਤੀ ਰਿਜ਼ਰਵ ਬੈਂਕ ਦੇ ਸਾਬਕਾ ਗਵਰਨਰਾਂ ਨਾਲ ਸਲਾਹ ਮਸ਼ਵਰਾ ਕੀਤਾ ਜਾ ਸਕਦਾ ਹੈ। ਸਰਕਾਰ ਅਜਿਹੇ ਵਿਦਵਾਨਾਂ ਦੀ ਮਦਦ ਲੈ ਸਕਦੀ ਹੈ ਜੋ ਇਸ ਵੇਲੇ ਨੌਰਥ ਬਲਾਕ (ਕੇਂਦਰ ਸਰਕਾਰ ਦਾ ਸਕੱਤਰੇਤ) ਵਿਚਲੇ ਅਰਥਸ਼ਾਸਤਰੀਆਂ ਨਾਲੋਂ ਕਿਸਾਨਾਂ ਤੇ ਮਜ਼ਦੂਰਾਂ ਦੀਆਂ ਕਠਿਨਾਈਆਂ ਬਿਹਤਰ ਢੰਗ ਨਾਲ ਸਮਝਦੇ ਹਨ। ਤੇ ਉਹ ਸਾਬਕਾ ਸਿਹਤ ਸਕੱਤਰਾਂ ਨੂੰ ਵੀ ਨਾਲ ਲੈ ਸਕਦੇ ਹਨ ਜਿਨ੍ਹਾਂ ਨੇ ਮੈਡੀਕਲ ਬਿਰਾਦਰੀ ਨਾਲ ਮਿਲ ਕੇ ਏਡਜ਼ ਦੇ ਸੰਕਟ 'ਤੇ ਕਾਬੂ ਪਾਉਣ , ਐਚ1ਐਨ1 ਦੇ ਖ਼ੌਫ਼ ਨਾਲ ਸਿੱਝਣ ਅਤੇ ਭਾਰਤ 'ਚੋਂ ਪੋਲੀਓ ਦੇ ਖਾਤਮੇ ਵਿਚ ਯੋਗਦਾਨ ਪਾਇਆ ਸੀ।'

ਸ਼ਾਇਦ ਜਿਵੇਂ ਡਾ. ਜੌਨ੍ਹਸਨ ਨੇ ਆਖਿਆ ਸੀ, ਲਿਖਦੇ ਹੋਇਆਂ ਮੈਂ ਤਜਰਬੇ ਨਾਲੋਂ ਉਮੀਦ 'ਤੇ ਵੱਧ ਭਰੋਸਾ ਕਰਨ 'ਤੇ ਜ਼ੋਰ ਦੇ ਰਿਹਾ ਹਾਂ। ਪ੍ਰਧਾਨ ਮੰਤਰੀ ਦੇ ਤੌਰ 'ਤੇ ਆਪਣੇ ਕਾਰਜਕਾਲ ਦੇ ਲਿਹਾਜ਼ ਤੋਂ ਨਰਿੰਦਰ ਮੋਦੀ ਨੇ ਮਾਹਿਰਾਂ ਪ੍ਰਤੀ ਤਿਰਸਕਾਰ ਜੱਗ ਜ਼ਾਹਰ ਕਰ ਦਿੱਤਾ ਹੈ ਤੇ ਇਹ ਤਿਰਸਕਾਰ ਕਹਿਣੀ ਪੱਖੋਂ ਉਦੋਂ ਉਜਾਗਰ ਹੋਇਆ ਸੀ ਜਦੋਂ ਉਨ੍ਹਾਂ ਸ਼ਰੇਆਮ ਕਿਹਾ ਸੀ ਕਿ ਉਹ 'ਹਾਰਵਰਡ ਨਹੀਂ ਸਗੋਂ ਹਾਰਡ ਵਰਕ 'ਤੇ ਵਿਸ਼ਵਾਸ ਕਰਦੇ ਹਨ' ਅਤੇ ਅਮਲ 'ਚ ਉਦੋਂ ਸਾਹਮਣੇ ਆਇਆ ਸੀ ਜਦੋਂ ਉਨ੍ਹਾਂ ਨੋਟਬੰਦੀ ਦਾ ਆਪਣਾ ਤਬਾਹਕੁਨ ਤਜਰਬਾ ਕੀਤਾ ਸੀ ਹਾਲਾਂਕਿ ਉਨ੍ਹਾਂ ਦੀ ਆਪਣੀ ਸਰਕਾਰ ਦੇ ਚੋਟੀ ਦੇ ਅਰਥਸ਼ਾਸਤਰੀ ਇਸ ਦੇ ਖਿਲਾਫ਼ ਚਿਤਾਵਨੀ ਦੇ ਰਹੇ ਸਨ। ਉਨ੍ਹਾਂ ਦੂਜੀਆਂ ਪਾਰਟੀਆਂ ਦੇ ਸਿਆਸਤਦਾਨਾਂ ਖਿਲਾਫ਼ ਨਿਰੰਤਰ ਖੁੰਦਕੀ ਵਤੀਰਾ ਅਪਣਾ ਰੱਖਿਆ ਹੈ ਅਤੇ ਉਨ੍ਹਾਂ ਨਾਲ ਵਾਰ ਵਾਰ ਹੰਕਾਰੀ ਦਯਾ-ਦ੍ਰਿਸ਼ਟੀ ਵਾਲਾ ਸਲੂਕ ਕੀਤਾ ਜਾਂਦਾ ਹੈ।

ਮੇਰਾ ਉਹ ਲੇਖ ਛਪਣ ਤੋਂ ਇਕ ਸਾਲ ਬਾਅਦ ਉਨ੍ਹਾਂ ਦੇ ਕਿਰਦ-ਾਰ ਦੇ ਇਹ ਦੋ ਪਹਿਲੂ ਹੋਰ ਵੀ ਜ਼ਿਆਦਾ ਉੱਘੜ ਕੇ ਸਾਹਮਣੇ ਆਏ ਹਨ ਤੇ ਇਨ੍ਹਾਂ ਤੋਂ ਇਲਾਵਾ ਇਕ ਤੀਜਾ ਪੱਖ ਵੀ ਉਭਰਿਆ ਹੈ ਤੇ ਉਹ ਹੈ ਵੱਧ ਤੋਂ ਵੱਧ ਆਪਣਾ ਜ਼ਾਤੀ ਬ੍ਰਾਂਡ ਉਸਾਰਨ ਦੀ ਲਾਲਸਾ। ਪਿਛਲੇ ਕੁਝ ਮਹੀਨਿਆਂ 'ਚ ਦੋ ਕਾਰਵਾਈਆਂ ਤੋਂ ਪ੍ਰਧਾਨ ਮੰਤਰੀ ਦੇ ਗੁਮਾਨ ਦੀ ਇੰਤਹਾ ਦਾ ਖੁਲਾਸਾ ਹੋਇਆ ਹੈ। ਇਹ ਸਨ, ਜਾਰੀ ਕੀਤੇ ਜਾਣ ਵਾਲੇ ਹਰੇਕ ਟੀਕਾਕਰਨ ਪ੍ਰਮਾਣ ਪੱਤਰ 'ਤੇ ਉਨ੍ਹਾਂ ਦੀ ਤਸਵੀਰ ਛਾਪਣ ਦਾ ਫ਼ੈਸਲਾ ਅਤੇ ਦੇਸ਼ ਦੇ ਸਭ ਤੋਂ ਵੱਡੇ ਕ੍ਰਿਕਟ ਸਟੇਡੀਅਮ ਦਾ ਨਾਂ ਨਰਿੰਦਰ ਮੋਦੀ ਸਟੇਡੀਅਮ ਰੱਖਣ ਲਈ ਦਿੱਤੀ ਗਈ ਉਨ੍ਹਾਂ ਦੀ ਸਹਿਮਤੀ ਜਿਸ ਨਾਲ ਉਨ੍ਹਾਂ ਦਾ ਨਾਂ ਮੁਸੋਲਿਨੀ, ਹਿਟਲਰ, ਸਟਾਲਿਨ, ਗਦਾਫ਼ੀ ਅਤੇ ਸੱਦਾਮ ਜਿਹੇ ਆਗੂਆਂ ਦੀ ਸ਼੍ਰੇਣੀ ਵਿਚ ਸ਼ੁਮਾਰ ਹੋ ਗਿਆ ਹੈ ਜਿਨ੍ਹਾਂ ਜਿਊਂਦੇ ਜੀਅ ਖੇਡ ਸਟੇਡੀਅਮ ਦਾ ਨਾਂ ਆਪਣੇ ਨਾਂ 'ਤੇ ਰਖਵਾਇਆ ਸੀ।

ਕੁਝ ਮਹੀਨੇ ਪਹਿਲਾਂ ਲਿਖੇ ਇਕ ਹੋਰ ਲੇਖ ਵਿਚ ਮੈਂ ਜ਼ਿਕਰ ਕਰ ਚੁੱਕਿਆ ਹਾਂ ਕਿ ਅਹਿਮਦਾਬਾਦ ਵਿਚ ਸਰਦਾਰ ਪਟੇਲ ਸਟੇਡੀਅਮ ਦਾ ਨਾਂ ਬਦਲ ਕੇ ਨਰਿੰਦਰ ਮੋਦੀ ਸਟੇਡੀਅਮ ਕਰਨ ਦਾ ਸੁਝਾਅ ਵਾਹ ਲੱਗਦੀ ਉਸ ਗੁਜਰਾਤੀ ਸਿਆਸਤਦਾਨ ਦੇ ਦਿਮਾਗ਼ ਦੀ ਉਪਜ ਜਾਪਦਾ ਹੈ ਜਿਸ ਦੇ ਭਾਰਤੀ ਕ੍ਰਿਕਟ ਪ੍ਰਸ਼ਾਸਨ ਵਿਚ ਖਾਸੇ ਖ਼ਾਨਦਾਨੀ ਹਿੱਤ ਜੁੜੇ ਹੋਏ ਹਨ ਅਤੇ ਉਹ ਇਸ ਇਕ ਤੀਰ ਨਾਲ ਆਪਣੇ 'ਬੌਸ' ਦਾ ਦਿਲ ਖ਼ੁਸ਼ ਕਰਨ ਦੇ ਨਾਲ-ਨਾਲ ਆਪਣੇ ਪੁੱਤਰ ਮੋਹ ਕਰਕੇ ਹੋ ਰਹੀ ਨੁਕਤਾਚੀਨੀ ਨੂੰ ਵੀ ਨੱਪਣਾ ਲੋਚ ਰਿਹਾ ਹੈ।' ਇਨ੍ਹਾਂ ਕਿਆਫ਼ਿਆਂ ਨੂੰ ਉਦੋਂ ਹੋਰ ਬਲ ਮਿਲਿਆ ਜਦੋਂ ਪਿਛਲੇ ਦਿਨੀਂ (22 ਅਪਰੈਲ) ਇਕ ਮੁਕਾਮੀ ਅਖ਼ਬਾਰ ਦੇ ਪਹਿਲੇ ਪੰਨੇ 'ਤੇ ਪੂਰੇ ਸਫ਼ੇ ਦਾ ਇਕ ਇਸ਼ਤਿਹਾਰ ਮੇਰੇ ਨਜ਼ਰੀਂ ਪਿਆ ਜਿਸ ਵਿਚ ਕਰਨਾਟਕ ਦੇ ਮੁੱਖ ਮੰਤਰੀ ਵੱਲੋਂ ਪ੍ਰਧਾਨ ਮੰਤਰੀ ਦੀ ਪ੍ਰਸ਼ੰਸਾ ਦੇ ਪੁਲ ਬੰਨ੍ਹੇ ਗਏ ਸਨ। ਦੁਨੀਆ ਨੂੰ ਕਿਰਪਾ ਦੀ ਨਜ਼ਰ ਨਾਲ ਨਿਹਾਰ ਰਹੇ ਸ੍ਰੀ ਮੋਦੀ ਦੀ ਵੱਡੀ ਸਾਰੀ ਤਸਵੀਰ ਦੇ ਹੇਠਾਂ ਇਸ਼ਤਿਹਾਰ ਦੇ ਸ਼ਬਦ ਹਨ: ਨੰਮਾ ਮੈਟਰੋ ਦੇ ਪੜਾਅ 2ਏ ਅਤੇ 2ਬੀ ਦੀ ਮਨਜ਼ੂਰੀ ਦੇਣ ਬਦਲੇ ਸਾਰੇ ਬੰਗਲੂਰੂ ਵਾਸੀਆਂ ਵੱਲੋਂ ਭਾਰਤ ਦੇ ਮਾਣਯੋਗ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਦਾ ਤਹਿ ਦਿਲੋਂ ਧੰਨਵਾਦ।...'

ਬਾਅਦ ਵਿਚ ਮੈਨੂੰ ਪਤਾ ਚੱਲਿਆ ਕਿ ਇਹੀ ਇਸ਼ਤਿਹਾਰ ਨਵੀਂ ਦਿੱਲੀ ਤੋਂ ਛਪਣ ਵਾਲੀਆਂ ਅੰਗਰੇਜ਼ੀ ਤੇ ਹਿੰਦੀ ਦੀਆਂ ਅਖ਼ਬਾਰਾਂ ਵਿਚ ਵੀ ਪ੍ਰਕਾਸ਼ਤ ਕਰਵਾਇਆ ਗਿਆ ਸੀ। ਸ਼ਾਇਦ ਇਹ ਮੰਨ ਕੇ ਕਿ ਇਸ ਤਰ੍ਹਾਂ ਇਹ ਇਸ਼ਤਿਹਾਰ ਉਨ੍ਹਾਂ ਪਾਠਕਾਂ ਦੇ ਨਜ਼ਰੀਂ ਵੀ ਪੈਣ ਜਾਣਗੇ ਜਿਨ੍ਹਾਂ ਨੂੰ ਉਹ ਦਿਖਾਉਣਾ ਚਾਹੁੰਦੇ ਸਨ। ਮੁੱਖ ਮੰਤਰੀ ਵੱਲੋਂ ਜਾਰੀ ਕੀਤੇ ਗਏ ਇਨ੍ਹਾਂ ਇਸ਼ਤਿਹਾਰਾਂ ਦਾ ਮਕਸਦ ਆਪਣੇ 'ਬੌਸ' ਦੀ ਖ਼ੁਸ਼ਾਮਦ ਕਰਨੀ ਅਤੇ ਆਪਣੀ ਹੀ ਪਾਰਟੀ ਦੇ ਵਿਧਾਇਕਾਂ ਵੱਲੋਂ ਉਨ੍ਹਾਂ ਦੇ ਪ੍ਰਸ਼ਾਸਨ ਦੀ ਕੀਤੀ ਜਾ ਰਹੀ ਆਲੋਚਨਾ ਨੂੰ ਬੰਦ ਕਰਾਉਣਾ ਸੀ। ਇਸ ਨੂੰ ਕਿਹਾ ਜਾਂਦਾ ਹੈ ਸਰਕਾਰੀ ਪੈਸੇ ਨਾਲ ਸਿਰੇ ਦੀ ਚਮਚਾਗਿਰੀ। ਸਾਧਾਰਨ ਪਾਰਟੀ ਕਾਰਕੁਨ ਹੋਵੇ ਜਾਂ ਫਿਰ ਕਿਸੇ ਵੱਡੇ ਸੂਬੇ ਦਾ ਮੁੱਖ ਮੰਤਰੀ, ਭਾਜਪਾ ਵਿਚ ਹਰ ਕੋਈ ਆਪਣੇ ਸਿਰਮੌਰ ਆਗੂ ਦੇ ਮਹਾਂ ਅਹੰ ਨੂੰ ਪੱਠੇ ਪਾਉਣ ਦੇ ਮਹੱਤਵ ਨੂੰ ਬਾਖ਼ੂਬੀ ਜਾਣਦਾ ਹੈ।

ਅਪਰੈਲ 2020 ਵਿਚ ਜਦੋਂ ਮੈਂ ਪ੍ਰਧਾਨ ਮੰਤਰੀ ਨੂੰ ਆਪਣੀ ਸਰਕਾਰ ਨੂੰ ਮਸ਼ਵਰੇ ਦੇਣ ਵਾਸਤੇ ਰੌਸ਼ਨ ਖਿਆਲ ਲੋਕਾਂ ਨੂੰ ਨੇੜੇ ਰੱਖਣ ਦੀ ਅਰਜ਼ ਕੀਤੀ ਸੀ ਤਾਂ ਮੇਰੀ ਤਜਵੀਜ਼ ਦਾ ਆਦਰਸ਼ਵਾਦ ਮੇਰੇ ਪੇਸ਼ੇਵਰ ਪਿਛੋਕੜ ਤੋਂ ਉਪਜਿਆ ਸੀ। ਇਕ ਇਤਿਹਾਸਕਾਰ ਹੋਣ ਨਾਤੇ ਮੈਂ ਅਜਿਹੀਆਂ ਬਹੁਤ ਸਾਰੀਆਂ ਮਿਸਾਲਾਂ ਬਾਬਤ ਜਾਣਦਾ ਹਾਂ ਜਦੋਂ ਭਾਰਤ ਦੇ ਪ੍ਰਧਾਨ ਮੰਤਰੀਆਂ ਨੇ ਪਾਰਟੀਬਾਜ਼ੀ ਦੇ ਗਣਿਤ ਤੋਂ ਉਪਰ ਉੱਠ ਕੇ ਵਿਰੋਧੀ ਧਿਰ ਦੇ ਸਿਆਸਤਦਾਨਾਂ ਨੂੰ ਉਨ੍ਹਾਂ ਦੀ ਮਦਦ ਕਰਨ ਲਈ ਕਿਹਾ ਸੀ। ਇਨ੍ਹਾਂ ਵਿਚ, ਜਵਾਹਰਲਾਲ ਨਹਿਰੂ ਵੱਲੋਂ 1960ਵਿਆਂ ਵਿਚ ਜਦੋਂ ਸੀਤ ਜੰਗ ਦੇ ਸਿਖਰ 'ਤੇ ਸੀ ਤਾਂ ਪੱਛਮੀ ਮੁਲਕਾਂ ਦੇ ਦੌਰੇ 'ਤੇ ਜਾਣ ਵਾਲੇ ਇਕ ਸ਼ਾਂਤੀ ਵਫ਼ਦ ਦੀ ਅਗਵਾਈ ਕਰਨ ਲਈ ਸੀ. ਰਾਜਾਗੋਪਾਲਾਚਾਰੀ ਨੂੰ ਕਿਹਾ ਜਾਣਾ, ਇੰਦਰਾ ਗਾਂਧੀ ਵੱਲੋਂ 1970-71 ਵਿਚ ਪਾਕਿਸਤਾਨੀ ਫ਼ੌਜ ਦੇ ਦਮਨ ਕਰਕੇ ਪੈਦਾ ਹੋ ਰਹੇ ਸ਼ਰਨਾਰਥੀ ਸੰਕਟ ਬਾਰੇ ਦੁਨੀਆ ਨੂੰ ਬਾਖ਼ਬਰ ਕਰਨ ਲਈ ਜੈਪ੍ਰਕਾਸ਼ ਨਰਾਇਣ ਨੂੰ ਕੀਤੀ ਗਈ ਬੇਨਤੀ ਅਤੇ ਪੀ ਵੀ ਨਰਸਿਮ੍ਹਾ ਰਾਓ ਵੱਲੋਂ 1994 ਵਿਚ ਸੰਯੁਕਤ ਰਾਸ਼ਟਰ ਵਿਚ ਕਸ਼ਮੀਰ ਬਾਰੇ ਸਾਡਾ ਕੇਸ ਪੇਸ਼ ਕਰਨ ਲਈ ਭਾਰਤ ਸਰਕਾਰ ਦੇ ਵਫ਼ਦ ਦੀ ਅਗਵਾਈ ਕਰਨ ਬਾਰੇ ਅਟਲ ਬਿਹਾਰੀ ਵਾਜਪਾਈ ਨੂੰ ਕੀਤੀ ਗਈ ਬੇਨਤੀ ਦੀਆਂ ਮਿਸਾਲਾਂ ਸ਼ਾਮਲ ਹਨ। ਦੋਵੇਂ ਧਿਰਾਂ ਦੀ ਸਾਂਝੇਦਾਰੀ ਦੀਆਂ ਇਹ ਮਿਸਾਲਾਂ ਪ੍ਰਸ਼ੰਸਾਯੋਗ ਤੇ ਮਹੱਤਵਪੂਰਨ ਹਨ ਤੇ ਅਜਿਹੀ ਹੀ ਇਕ ਹੋਰ ਮਿਸਾਲ ਹੈ ਜੋ ਅਜੇ ਤੱਕ ਹੋਰ ਵੀ ਜ਼ਿਆਦਾ ਸਲਾਹੁਣਯੋਗ ਤੇ ਅਹਿਮ ਗਿਣੀ ਜਾਂਦੀ ਹੈ। ਇਹ ਸੀ ਆਜ਼ਾਦੀ ਵੇਲੇ ਕੌਮੀ ਸਰਕਾਰ ਦੇ ਗਠਨ ਦੀ ਮਿਸਾਲ। ਹਾਲਾਤ ਦੀ ਗੰਭੀਰਤਾ ਨੂੰ ਭਾਂਪਦਿਆਂ, ਜਵਾਹਰਲਾਲ ਨਹਿਰੂ ਅਤੇ ਵੱਲਭਭਾਈ ਪਟੇਲ ਨੇ ਪਾਰਟੀਬਾਜ਼ੀ ਨੂੰ ਲਾਂਭੇ ਰੱਖ ਕੇ ਸਭ ਤੋਂ ਯੋਗ ਵਿਅਕਤੀਆਂ ਤੱਕ ਪਹੁੰਚ ਕੀਤੀ। ਬੀ.ਆਰ. ਅੰਬੇਡਕਰ ਪਿਛਲੇ ਵੀਹ ਸਾਲਾਂ ਤੋਂ ਕਾਂਗਰਸ ਪਾਰਟੀ ਦੇ ਕੱਟੜ ਆਲੋਚਕ ਰਹੇ ਸਨ, ਇਸ ਦੇ ਬਾਵਜੂਦ ਉਨ੍ਹਾਂ ਨੂੰ ਕਾਨੂੰਨ ਮੰਤਰੀ ਦਾ ਜ਼ਿੰਮਾ ਸੌਂਪਿਆ ਗਿਆ। ਹੋਰਨਾਂ ਪ੍ਰਮੁੱਖ ਮੰਤਰਾਲਿਆਂ ਦਾ ਕਾਰਜਭਾਰ ਜਿਨ੍ਹਾਂ ਵਿਅਕਤੀਆਂ ਨੂੰ ਸੌਂਪਿਆ ਗਿਆ ਉਨ੍ਹਾਂ ਵਿਚ ਸ਼ਿਆਮਾ ਪ੍ਰਸ਼ਾਦ ਮੁਖਰਜੀ ਅਤੇ ਆਰ.ਕੇ. ਸ਼ਾਨਮੁਗਮ ਚੇਟੀ ਸ਼ਾਮਲ ਸਨ ਜੋ ਕਾਂਗਰਸ ਪਾਰਟੀ ਦੇ ਸਿਆਸੀ ਵਿਰੋਧੀ ਰਹੇ ਸਨ। ਭਾਰਤ ਦੇ ਪਹਿਲੇ ਪ੍ਰਧਾਨ ਮੰਤਰੀ ਅਤੇ ਪਹਿਲੇ ਗ੍ਰਹਿ ਮੰਤਰੀ ਨੇ ਬਿਨਾਂ ਕਿਸੇ ਪੱਖਪਾਤ ਤੇ ਮਨਮੁਟਾਓ ਤੋਂ ਕੰਮ ਕਰਦਿਆਂ ਮੁਲਕ ਦੇ ਹਿੱਤ ਆਪਣੀ ਪਾਰਟੀ ਦੇ ਹਿੱਤਾਂ ਤੋਂ ਉਪਰ ਰੱਖੇ। ਬਹੁਤ ਔਕੜਾਂ ਨਾਲ ਹਾਸਲ ਕੀਤੀ ਸਾਡੀ ਆਜ਼ਾਦੀ ਦੀ ਰਾਖੀ ਵਾਸਤੇ ਨਹਿਰੂ ਤੇ ਪਟੇਲ ਨੂੰ ਆਪਣੀ ਹਉਮੈ ਲਾਂਭੇ ਰੱਖ ਕੇ ਚੱਲਣ ਦੀ ਲੋੜ ਸੀ ਜੋ ਅਕਸਰ ਸੱਤਾ ਹੱਥ 'ਚ ਆ ਜਾਣ ਨਾਲ ਆਗੂ ਅੰਦਰ ਆ ਜਾਂਦੀ ਹੈ ਅਤੇ ਇਸ ਦੇ ਨਾਲ ਹੀ ਦੇਸ਼ਭਗਤੀ ਦੇ ਫ਼ਤਵੇ ਦੇ ਬਾਵਜੂਦ ਨਿਮਰਤਾ ਦਾ ਪੱਲਾ ਫੜ ਕੇ ਰੱਖਣ ਦੀ ਲੋੜ ਸੀ। ਤੇ ਉਨ੍ਹਾਂ ਇੰਜ ਹੀ ਕੀਤਾ ਸੀ।

'ਹਿੰਦੋਸਤਾਨ ਟਾਈਮਜ਼' ਵਿਚ ਦੋਵੇਂ ਪਾਰਟੀਆਂ ਦੀ ਸਾਂਝ ਭਿਆਲੀ ਦੀ ਮੇਰੀ ਅਰਜ਼ ਪ੍ਰਕਾਸ਼ਤ ਹੋਣ ਤੋਂ ਇਕ ਸਾਲ ਬਾਅਦ ਇਸ ਹਫ਼ਤੇ ਦੇ ਸ਼ੁਰੂ ਵਿਚ 'ਦਿ ਟੈਲੀਗ੍ਰਾਫ' ਅਖ਼ਬਾਰ ਵਿਚ ਛਪੇ ਸੰਪਾਦਕੀ ਵਿਚ ਵੀ ਇਸੇ ਭਾਵਨਾ ਨੂੰ ਉਜਾਗਰ ਕੀਤਾ ਗਿਆ ਹੈ ਜਿਸ ਵਿਚ ਲਿਖਿਆ ਗਿਆ ਸੀ: ਸੰਕਟ ਦਾ ਅਨੁਮਾਨ ਇਸ ਪੈਮਾਨੇ ਤੋਂ ਲਾਇਆ ਜਾ ਸਕਦਾ ਹੈ ਕਿ ਮੁਲਕ ਨੂੰ ਵਾਇਰਸ ਨਾਲ ਜੰਗ ਲੜਨੀ ਪੈ ਰਹੀ ਹੈ ਜਿਸ ਕਰਕੇ ਕੇਂਦਰ ਸਰਕਾਰ ਲਈ ਇਹ ਲਾਜ਼ਮੀ ਹੈ ਕਿ ਉਹ ਸਹਿਯੋਗ ਦੀ ਪਹੁੰਚ ਅਖਤਿਆਰ ਕਰੇ। ਸਹਿਯੋਗ ਤੇ ਸਾਂਝੇਦਾਰੀ ਦੀ ਇਸ ਭਾਵਨਾ ਨੇ ਅਤੀਤ ਵਿਚ ਮੁਲਕ ਨੂੰ ਦਰਪੇਸ਼ ਕਈ ਕਿਸਮ ਦੇ ਮੈਡੀਕਲ, ਸਿਆਸੀ ਅਤੇ ਆਰਥਿਕ ਸੰਕਟਾਂ 'ਤੇ ਪਾਰ ਪਾਉਣ ਵਿਚ ਮਦਦ ਦਿੱਤੀ ਸੀ। ਇਹ ਤਰਸ ਦੀ ਗੱਲ ਹੈ ਕਿ ਸੱਤਾਧਾਰੀ ਭਾਰਤੀ ਜਨਤਾ ਪਾਰਟੀ ਇਤਿਹਾਸ ਦੇ ਲਾਹੇਵੰਦ ਸਬਕ ਸਿੱਖਣ ਤੋਂ ਇਨਕਾਰੀ ਹੈ। ਅਜਿਹੇ ਨਾਜ਼ੁਕ ਵਕਤ 'ਤੇ ਫੈਡਰਲਿਜ਼ਮ ਨੂੰ ਮਜ਼ਬੂਤ ਬਣਾਉਣਾ ਅਤੇ ਵਿਰੋਧੀ ਧਿਰ ਜਿਸ ਦੇ ਕਈ ਫ਼ਰੀਕਾਂ ਕੋਲ ਦੇਸ਼ ਨੂੰ ਚਲਾਉਣ ਦਾ ਲੰਮਾ ਤਜਰਬਾ ਹੈ, ਨਾਲ ਸੁਲ੍ਹਾ ਦਾ ਰਵੱਈਆ ਅਪਣਾਉਣ ਨੂੰ ਅਹਿਮੀਅਤ ਦਿੱਤੀ ਜਾਣੀ ਚਾਹੀਦੀ ਹੈ।'

ਕੁਝ ਲੋਕ ਜਿਨ੍ਹਾਂ ਦੇ ਮਨਸ਼ੇ ਨੇਕ ਹੋਣਗੇ ਪਰ ਨਾਸਮਝ ਹੋ ਸਕਦੇ ਹਨ ਜੋ ਤਜਰਬੇ ਨਾਲੋਂ ਉਮੀਦ 'ਤੇ ਵੱਧ ਟੇਕ ਰੱਖਦੇ ਹਨ। ਇਹ ਗੱਲ ਸਹੀ ਹੈ ਕਿ ਬੀਤੇ ਸਮਿਆਂ 'ਚ ਸਹਿਯੋਗ ਦੀ ਸਾਂਝੀ ਭਾਵਨਾ ਦੇ ਬਲ 'ਤੇ ਮੁਲਕ ਔਖੇ ਸਮਿਆਂ 'ਚੋਂ ਪਾਰ ਹੁੰਦਾ ਆਇਆ ਹੈ। ਪਰ ਕੀ ਇਹ ਹਕੂਮਤ ਲੋਕਾਂ ਦਰਮਿਆਨ ਤੇ ਪਾਰਟੀ ਲੀਹਾਂ ਦੇ ਆਰ-ਪਾਰ ਭਰੋਸਾ ਅਤੇ ਇਕਜੁੱਟਤਾ ਪੈਦਾ ਕਰਨ ਦੇ ਸਮੱਰਥ ਵੀ ਹੈ, ਇਹ ਇਕ ਅਸਲੋਂ ਹੀ ਵੱਖਰਾ ਮਾਮਲਾ ਹੈ।

ਪਿਛਲੇ ਸਾਲ ਜਦੋਂ ਮੁਲਕ ਨੇ ਵਾਇਰਸ ਖਿਲਾਫ਼ ਲੜਾਈ ਵਿੱਢੀ ਸੀ ਤਾਂ ਉਦੋਂ ਵੀ ਪ੍ਰਧਾਨ ਮੰਤਰੀ ਦਾ ਸ਼ਖ਼ਸੀ ਮਹਿਮਾ-ਮੰਡਨ ਲਗਾਤਾਰ ਵਧਦਾ ਜਾ ਰਿਹਾ ਸੀ ਜਦੋਂਕਿ ਵਿਰੋਧੀ ਧਿਰ ਪ੍ਰਤੀ ਸਰਕਾਰ ਦੀ ਪਹੁੰਚ ਹੋਰ ਵੀ ਜ਼ਿਆਦਾ ਟਕਰਾਅਪੂਰਨ ਹੋ ਗਈ। ਕੇਂਦਰੀ ਮੰਤਰੀਆਂ ਅਤੇ ਭਾਜਪਾ ਦੇ ਸੰਸਦ ਮੈਂਬਰਾਂ ਵੱਲੋਂ ਮਹਾਰਾਸ਼ਟਰ ਅਤੇ ਦਿੱਲੀ ਦੇ ਮੁੱਖ ਮੰਤਰੀਆਂ ਖਿਲਾਫ਼ ਲਗਾਤਾਰ ਜ਼ਹਿਰ ਉਗ਼ਲੀ ਜਾ ਰਹੀ ਸੀ ਤੇ ਹੋਰ ਤਾਂ ਹੋਰ, ਉਨ੍ਹਾਂ ਨੂੰ ਮੰਗਤੇ ਆਖਿਆ ਜਾ ਰਿਹਾ ਸੀ। ਦਿੱਲੀ ਤੇ ਮੁੰਬਈ ਸਾਡੇ ਸਭ ਤੋਂ ਵੱਡੇ ਅਤੇ ਬਹੁਤ ਹੀ ਅਹਿਮ ਸ਼ਹਿਰ ਹਨ। ਇਕ ਰਾਜਸੀ ਰਾਜਧਾਨੀ ਹੈ ਤੇ ਦੂਜਾ ਵਿੱਤੀ ਰਾਜਧਾਨੀ। ਦੋਵੇਂ ਸ਼ਹਿਰਾਂ ਵਿਚ ਕਰੋੜਾਂ ਦੀ ਤਾਦਾਦ ਵਿਚ ਲੋਕ ਰਹਿੰਦੇ ਹਨ। ਇਹ ਕਿਹੋ ਜਿਹੇ ਦੇਸ਼ਭਗਤ ਹਨ ਜੋ ਚਾਹੁੰਦੇ ਹਨ ਕਿ ਇਨ੍ਹਾਂ ਸ਼ਹਿਰਾਂ ਦੇ ਵਸਨੀਕਾਂ ਨੂੰ ਸਿਰਫ਼ ਇਸ ਕਰਕੇ ਸੰਤਾਪ ਭੋਗਣਾ ਚਾਹੀਦਾ ਹੈ ਕਿਉਂਕਿ ਉੱਥੇ ਭਾਜਪਾ ਦਾ ਨਹੀਂ ਸਗੋਂ ਹੋਰਨਾਂ ਸਿਆਸੀ ਪਾਰਟੀਆਂ ਦੀਆਂ ਸਰਕਾਰਾਂ ਹਨ?

ਜੇ ਇਸ ਕਿਸਮ ਦੀ ਪਾਰਟੀਬਾਜ਼ੀ ਭਾਜਪਾ ਦੀ 'ਟਰੋਲ ਸੈਨਾ' ਤੱਕ ਹੀ ਸੀਮਤ ਹੁੰਦੀ ਤਾਂ ਵੀ ਚਿੰਤਾ ਦੀ ਕੋਈ ਗੱਲ ਨਹੀਂ ਹੋਣੀ ਸੀ। ਤ੍ਰਾਸਦੀ ਇਹ ਹੈ ਕਿ ਕੇਂਦਰ ਸਰਕਾਰ ਦੇ ਸਭ ਤੋਂ ਵੱਧ ਸ਼ਕਤੀਸ਼ਾਲੀ ਲੋਕਾਂ ਵੱਲੋਂ ਵੀ ਇਸੇ ਕਿਸਮ ਦੀ ਪਾਰਟੀਬਾਜ਼ੀ ਨਿਭਾਈ ਜਾਂਦੀ ਹੈ। ਮਹਾਮਾਰੀ ਸ਼ੁਰੂ ਹੋਣ ਤੋਂ ਲੈ ਕੇ ਦੇਸ਼ ਦੇ ਗ੍ਰਹਿ ਮੰਤਰੀ ਦੀਆਂ ਕਾਰਵਾਈਆਂ ਅਤੇ ਦੌਰਿਆਂ ਦੀ ਸਮਾਂ ਸਾਰਣੀ ਤੋਂ ਭਲੀਭਾਂਤ ਪਤਾ ਚਲਦਾ ਹੈ ਕਿ ਉਨ੍ਹਾਂ ਦੀਆਂ ਤਰਜੀਹਾਂ ਇਹ ਹਨ: ੳ) ਉਨ੍ਹਾਂ ਦੀ ਪਾਰਟੀ ਨੂੰ ਪੱਛਮੀ ਬੰਗਾਲ 'ਚ ਸੱਤਾ ਵਿਚ ਲਿਆਉਣਾ, ਅ) ਉਨ੍ਹਾਂ ਦੀ ਪਾਰਟੀ ਨੂੰ ਮਹਾਰ-ਾਸ਼ਟਰ ਵਿਚ ਮੁੜ ਸੱਤਾ 'ਚ ਲਿਆਉਣਾ। ਹਾਲਾਂਕਿ ਇਨ੍ਹਾਂ ਮਾਮਲਿਆਂ ਦਾ ਗ੍ਰਹਿ ਮੰਤਰੀ ਨੂੰ ਸੌਂਪੇ ਗਏ ਮੰਤਰਾਲੇ ਦੇ ਕਾਰਵਿਹਾਰ ਨਾਲ ਕੋਈ ਲਾਗਾ ਦੇਗਾ ਨਹੀਂ ਹੈ, ਪਰ ਤਾਂ ਵੀ ਉਨ੍ਹਾਂ ਨੂੰ ਜਾਪਦਾ ਹੈ ਕਿ ਉਨ੍ਹਾਂ ਲਈ ਇਹੀ ਅਹਿਮ ਮੁੱਦੇ ਹਨ। ਇਸ ਦੌਰਾਨ ਪ੍ਰਧਾਨ ਮੰਤਰੀ ਦੀ ਆਪਣੀ ਸੂਝ-ਬੂਝ ਕੀ ਹੈ ਤੇ ਉਹ ਕਿਨ੍ਹਾਂ ਚੀਜ਼ਾਂ ਨੂੰ ਅਹਿਮੀਅਤ ਦਿੰਦੇ ਹਨ, ਉਸ ਦਾ ਬਿਹਤਰੀਨ ਨਮੂਨਾ ਉਨ੍ਹਾਂ ਵੱਲੋਂ 17 ਅਪਰੈਲ 2021 ਨੂੰ ਆਸਨਸੋਲ ਵਿਚ ਚੋਣ ਪ੍ਰਚਾਰ ਦੌਰਾਨ ਦਿੱਤੇ ਗਏ ਇਕ ਬਿਆਨ ਤੋਂ ਦੇਖਿਆ ਜਾ ਸਕਦਾ ਹੈ ਜਿਸ ਵਿਚ ਉਨ੍ਹਾਂ ਫੜ੍ਹ ਮਾਰੀ ਸੀ 'ਮੈਨੇ ਐਸੀ ਸਭਾ ਪਹਿਲੀ ਬਾਰ ਦੇਖੀ ਹੈ'। ਯਕੀਨਨ, ਅਸੀਂ ਵੀ ਕਿਸੇ ਭਾਰਤੀ ਸਿਆਸਤਦਾਨ ਦੀ ਅਜਿਹੀ ਪਹੁੰਚ ਪਹਿਲਾਂ ਕਦੇ ਨਹੀਂ ਦੇਖੀ। 17 ਅਪਰੈਲ ਤੱਕ ਮਹਾਮਾਰੀ ਦੀ ਦੂਜੀ ਲਹਿਰ ਪਹਿਲਾਂ ਹੀ ਸ਼ੁਰੂ ਹੋ ਚੁੱਕੀ ਸੀ ਤੇ ਸਾਨੂੰ ਕਲਾਵੇ ਵਿਚ ਲੈ ਚੁੱਕੀ ਸੀ। ਹਸਪਤਾਲਾਂ ਦੇ ਬੈੱਡ ਭਰ ਚੁੱਕੇ ਸਨ ਤੇ ਸ਼ਮਸ਼ਾਨਘਾਟਾਂ ਵਿਚ ਮ੍ਰਿਤਕਾਂ ਦੇ ਸਸਕਾਰ ਲਈ ਜਗ੍ਹਾ ਤੇ ਸਮਾਂ ਨਹੀਂ ਸੀ ਤੇ ਉਧਰ ਸਾਡੇ ਪ੍ਰਧਾਨ ਮੰਤਰੀ ਜੀ ਖੁੱਲ੍ਹੇਆਮ ਸ਼ੇਖੀਆਂ ਮਾਰ ਰਹੇ ਸਨ: 'ਦੇਖੋ ਕਿਤਨੇ ਲੋਗ ਮੁਝੇ ਸੁਨਨੇ ਆਏ ਹੈਂ!'

ਮਹਾਮਾਰੀ ਅਤੇ ਇਸ ਦੀਆਂ ਲਹਿਰਾਂ ਡਿਕਡੋਲੇ ਖਾਂਦੇ ਅਰਥਚਾਰੇ ਅਤੇ ਖੰਡਿਤ ਹੋ ਚੁੱਕੇ ਸਮਾਜਿਕ ਤਾਣੇ-ਬਾਣੇ ਦੇ ਕੰਧਾੜੇ ਚੜ੍ਹ ਕੇ ਆਈਆਂ ਸਨ। ਆਜ਼ਾਦੀ ਤੋਂ ਬਾਅਦ ਸ਼ਾਇਦ ਇਹ ਮੁਲਕ ਨੂੰ ਦਰਪੇਸ਼ ਸਭ ਤੋਂ ਵੱਡੀ ਵੰਗਾਰ ਹੈ। ਪਹਿਲਾਂ ਕਿਸੇ ਵੀ ਸਮੇਂ ਨਾਲੋਂ ਵੱਧ ਅੱਜ ਸਾਨੂੰ ਅਜਿਹੀ ਸਰਕਾਰ ਦੀ ਲੋੜ ਹੈ ਜੋ ਸੁਣਨਾ ਜਾਣਦੀ ਹੋਵੇ, ਜੋ ਸਿੱਖਣ ਲਈ ਸੁਣਦੀ ਹੋਵੇ, ਜੋ ਕਿਸੇ ਇਕ ਪਾਰਟੀ ਜਾਂ ਕਿਸੇ ਇਕ ਧਰਮ ਜਾਂ ਸਾਫ਼ ਲਫ਼ਜ਼ਾਂ ਵਿਚ ਕਹਿਣਾ ਹੋਵੇ ਤਾਂ ਮਹਿਜ਼ ਕਿਸੇ ਇਕ ਆਗੂ ਦੇ ਹਿੱਤਾਂ ਦੀ ਪੂਰਤੀ ਕਰਨ ਵਿਚ ਹੀ ਨਾ ਜੁਟੀ ਹੋਵੇ। ਅਸੀਂ ਕਦੋਂ ਅਜਿਹੀ ਸਰਕਾਰ ਪਾਵਾਂਗੇ, ਪਾਵਾਂਗੇ ਵੀ ਜਾਂ ਨਹੀਂ, ਸਾਡੇ ਮੁਲਕ ਜਾਂ ਗਣਰਾਜ ਦੀ ਹੋਣੀ ਸ਼ਾਇਦ ਇਸੇ ਗੱਲ 'ਤੇ ਟਿਕੀ ਹੋਈ ਹੈ।

**ਰਾਮਚੰਦਰ ਗੁਹਾ**

# ਪਿਛਲੇ ਸਾਲ, ਇਨ੍ਹੀਂ ਦਿਨੀਂ

ਪਿਛਲੇ ਸਾਲ, ਇਨ੍ਹੀਂ ਦਿਨੀਂ
ਪਿਛਲੇ ਦਿਨੀਂ
ਅੰਧਕਾਰ ਹੱਸਿਆ, ਅੰਧਕਾਰ ਵੱਸਿਆ
ਸੁੱਚੀ ਚਾਨਣੀ ਵੀ ਬਣੀ ਰਹੀ ਮੱਸਿਆ
ਬੰਦਾ ਇਕ ਦੰਗੇ ਵਿਚ ਤਬਦੀਲ ਹੋਇਆ
ਜ਼ਿੰਦਗੀ ਚੁੱਪ-ਚਾਪ
ਆਪਣੇ ਸਿਰਨਾਵੇਂ ਲਿਖਦੀ ਰਹੀ

ਪਿਛਲੇ ਸਾਲ, ਇਨ੍ਹੀਂ ਦਿਨੀਂ ਸਾਰਾ ਮੁਲਕ ਅਚਨਚੇਤ ਥੋਪੇ ਲੌਕਡਾਊਨ ਹੇਠ ਸੀ ਤੇ ਖ਼ਬਰਾਂ ਭੋਖੜੇ ਅਤੇ ਬੇਕਾਰੀ ਦੇ ਮਾਰੇ ਲੱਖਾਂ ਕਾਮਿਆਂ ਦੇ ਆਪੋ-ਆਪਣੇ ਪਿੰਡਾਂ ਵੱਲ ਪੈਦਲ ਮਾਰਚਾਂ ਅਤੇ ਰਾਹ ਵਿਚ ਹੀ ਸੈਂਕੜਿਆਂ ਦੇ ਦਮ ਤੋੜ ਜਾਣ ਦੀਆਂ ਦਰਦਨਾਕ ਕਹਾਣੀਆਂ ਨਾਲ ਭਰੀਆਂ ਹੋਈਆਂ ਸਨ। ਹੁਣ ਇਕ ਸਾਲ ਬਾਅਦ ਖ਼ਬਰਾਂ ਸ਼ਹਿਰ-ਦਰ-ਸ਼ਹਿਰ, ਸੂਬਾ-ਦਰ-ਸੂਬਾ ਤੇਜ਼ੀ ਨਾਲ ਲੱਖਾਂ ਲੋਕਾਂ ਵਿਚ ਫੈਲ ਰਹੀ ਬਿਮਾਰੀ, ਰੋਜ਼ਾਨਾ ਹਜ਼ਾਰਾਂ ਦੀ ਗਿਣਤੀ ਵਿਚ ਮੌਤਾਂ ਅਤੇ ਹਸਪਤਾਲਾਂ ਵਿਚ ਆਕਸੀਜਨ ਦੀ ਘਾਟ ਕਾਰਨ ਸੈਂਕੜਿਆਂ ਦੇ ਦਮ ਤੋੜ ਜਾਣ ਦੀਆਂ ਹੌਲਨਾਕ ਕਹਾਣੀਆਂ ਨਾਲ ਭਰੀਆਂ ਹੋਈਆਂ ਹਨ।

ਪਿਛਲੇ ਸਾਲ, ਇਨ੍ਹੀਂ ਦਿਨੀਂ ਸਾਰਾ ਮੁਲਕ ਆਪੋ-ਆਪਣੇ ਘਰੀਂ ਅੰਦਰ ਵੜ ਕੇ ਬੈਠਾ ਹੋਇਆ ਸੀ। ਹੁਣ ਇਕ ਸਾਲ ਬਾਅਦ ਸ਼ਹਿਰ-ਦਰ-ਸ਼ਹਿਰ ਲੋਕ ਆਪੋ-ਆਪਣੇ ਰੋਗੀਆਂ ਨੂੰ ਲੈ ਕੇ ਹਸਪਤਾਲਾਂ ਵਿਚ ਭਟਕ ਰਹੇ ਹਨ ਤੇ ਜਿਹੜੇ ਬਦਕਿਸਮਤ ਚੁਫ਼ੇਰੇ ਫੈਲੀ ਬਦਇੰਤਜ਼ਾਮੀ ਕਾਰਨ ਆਪਣੇ ਪਿਆਰਿਆਂ ਨੂੰ ਬਚਾ ਨਹੀਂ ਸਕੇ, ਉਨ੍ਹਾਂ ਦੀਆਂ ਲੋਥਾਂ ਚੁੱਕੀ ਤੂੜੇ ਪਏ ਸ਼ਮਸ਼ਾਨਾਂ ਵਿਚ ਸਿਵਿਆਂ ਲਈ ਥਾਂ ਭਾਲਦੇ ਖੱਜਲ ਹੋ ਰਹੇ ਹਨ।

ਪਿਛਲੇ ਸਾਲ, ਇਨ੍ਹੀਂ ਦਿਨੀਂ ਆਪਣੇ ਪ੍ਰਧਾਨ ਮੰਤਰੀ ਦੀ ਸਰਬਸ਼ਕਤੀਮਾਨਤਾ ਵਿਚ ਯਕੀਨ ਰੱਖਣ ਵਾਲੇ ਲੋਕ ਉਸ ਦੇ ਆਖੇ ਕਦੇ ਟੱਲੀਆਂ-ਭਾਂਡੇ ਖੜਕਾ ਤੇ ਕਦੇ ਮੋਮਬੱਤੀਆਂ ਬਾਲ ਕੇ 'ਭਾਰਤੀ' ਢੰਗ ਨਾਲ ਕਰੋਨਾ ਉੱਤੇ ਫਤਿਹ ਪਾ ਲੈਣ ਦਾ ਭਰਮ ਪਾਲ ਰਹੇ ਸਨ। ਹੁਣ ਸਾਲ ਬਾਅਦ ਉਹੀ ਲੋਕ ਵ੍ਹੱਟਸਐਪ ਰਾਹੀਂ ਇਕ ਦੂਜੇ ਨੂੰ ਘਰ ਬਹਿ ਕੇ ਈਸ਼ਵਰ ਦਾ ਸ਼ੁਕਰ ਮਨਾਉਣ ਦੀਆਂ ਨਸੀਹਤਾਂ ਦੇ ਰਹੇ ਹਨ ਕਿ ਸਾਡੇ ਸਿਰਾਂ ਤੇ ਛਤ ਹੈ, ਸਾਡੇ ਕੋਲ ਬੈਂਕਾਂ ਵਿਚ ਜਮ੍ਹਾਂ ਪੂੰਜੀ ਹੈ, ਸਾਡੇ ਫਰਿੱਜ ਖਾਣ-ਪਦਾਰਥਾਂ ਤੋਂ ਖਾਲੀ ਨਹੀਂ, ਕਿ ਸਾਡੀ ਹਾਲਤ ਬਾਕੀਆਂ ਨਾਲੋਂ ਬਿਹਤਰ ਹੈ।

ਪਿਛਲੇ ਸਾਲ, ਇਨ੍ਹੀਂ ਦਿਨੀਂ ਪ੍ਰਧਾਨ ਮੰਤਰੀ ਨੇ ਕਰੋਨਾ ਨਾਲ ਸਿੱਝਣ ਲਈ ਆਪਣੇ ਨਾਂ ਹੇਠ ਪੀਐੱਮ ਕੇਅਰਜ਼ (ਸ਼ਾਬਦਿਕ ਅਰਥ 'ਪ੍ਰਧਾਨ ਮੰਤਰੀ ਨੂੰ ਫ਼ਿਕਰ ਹੈ') ਫੰਡ ਸਿਰਜ ਕੇ ਕਰੋੜਾਂ ਰੁਪਏ ਇਕੱਤਰ ਕੀਤੇ ਸਨ; ਹੁਣ ਇਕ ਸਾਲ ਬਾਅਦ ਸਵਾਲ ਇਹ ਹੈ ਕਿ ਪ੍ਰਧਾਨ ਮੰਤਰੀ ਨੂੰ ਕੋਈ ਫ਼ਿਕਰ ਹੈ ਵੀ ਕਿ ਨਹੀਂ?

ਪਿਛਲੇ ਸਾਲ, ਇਨ੍ਹਾਂ ਦਿਨਾਂ ਤੋਂ ਇਕ ਮਹੀਨਾ ਪਹਿਲਾਂ ਪ੍ਰਧਾਨ ਮੰਤਰੀ ਨੇ ਉਸੇ ਦਿਨ ਰਾਤ ਦੇ 12 ਵਜੇ ਤੋਂ ਸਾਰੇ ਮੁਲਕ ਵਿਚ ਚਾਣਚੱਕ 21 ਦਿਨ ਦੀ ਤਾਲਾਬੰਦੀ ਦਾ ਐਲਾਨ ਕਰਦਿਆਂ ਕਿਹਾ ਸੀ ਕਿ ਕਰੋਨਾਵਾਇਰਸ ਨਾਲ ਜੰਗ ਫਤਿਹ ਕਰਨ ਲਈ ਇਹ ਕੁਰਬਾਨੀ ਜ਼ਰੂਰੀ ਹੈ। ਉਸ ਦਿਨ ਪ੍ਰਧਾਨ ਸੈਨਾਪਤੀ ਨੂੰ ਆਪਣੇ ਇਸ ਜੇਤੂ ਪੈਂਤੜੇ ਦੀ ਕਾਰਗਰਤਾ ਤੇ ਇੰਨਾ ਯਕੀਨ ਸੀ ਕਿ ਇਹੋ ਜਿਹਾ ਹੁਕਮ ਜਾਰੀ ਕਰ ਕੇ ਸਾਰੇ ਮੁਲਕ ਨੂੰ ਰਾਤੋ-ਰਾਤ ਥਾਏਂ ਜਕੜ ਦੇਣ ਦਾ ਫ਼ੈਸਲਾ ਕਰਨ ਤੋਂ ਪਹਿਲਾਂ ਸੂਬਿਆਂ ਦੇ ਮੁੱਖ ਮੰਤਰੀਆਂ ਦਾ ਮਸ਼ਵਰਾ ਤਕ ਲੈਣ ਦੀ ਲੋੜ ਨਾ ਸਮਝੀ ਗਈ।

ਹੁਣ 13 ਮਹੀਨੇ ਬਾਅਦ ਜਦੋਂ ਸਾਰਾ ਮੁਲਕ ਕਰੋਨਾਵਾਇਰਸ ਦੀ ਦੂਜੀ ਤੇ ਪਹਿਲੀ ਨਾਲੋਂ ਕਿਤੇ ਵੱਧ ਭਿਆਨਕ ਲਹਿਰ ਦੀ ਮਾਰ ਹੇਠ ਹੈ, ਰੋਜ਼ਾਨਾ 3 ਲੱਖ ਤੋਂ ਵੱਧ ਨਵੇਂ ਕੇਸ ਤੇ 3 ਹਜ਼ਾਰ ਦੇ ਗੇੜ ਵਿਚ ਮੌਤਾਂ ਹੋ ਰਹੀਆਂ ਹਨ, ਪ੍ਰਧਾਨ ਮੰਤਰੀ ਨੇ ਕਿਹਾ ਹੈ ਕਿ ਸੂਬਿਆਂ ਦੇ ਮੁੱਖ ਮੰਤਰੀ ਆਪਣੇ ਰਾਜਾਂ ਵਿਚ ਇੰਤਜ਼ਾਮ ਸੁਧਾਰਨ, ਲੌਕਡਾਊਨ ਨੂੰ ਆਖ਼ਰੀ ਹਥਿਆਰ ਵਜੋਂ ਹੀ ਵਰਤਣ। ਇਸ ਨਾਲ ਅਰਥਵਿਵਸਥਾ ਦਾ ਨੁਕਸਾਨ ਹੁੰਦਾ ਹੈ।

13 ਮਹੀਨੇ ਪਹਿਲਾਂ ਭਾਰਤ ਵਿਚ ਦੁਨੀਆ ਦਾ ਸਭ ਤੋਂ ਵੱਧ ਕਰੜਾ, ਤੇ ਸਭ ਤੋਂ ਲੰਮਾ ਸਮਾਂ ਚੱਲਣ ਵਾਲਾ ਲੌਕਡਾਊਨ ਲਾਇਆ ਗਿਆ ਸੀ ਤੇ ਅੱਜ ਭਾਰਤ ਵਿਚ ਰੋਜ਼ਾਨਾ ਇੰਨੇ ਨਵੇਂ ਰੋਗੀ ਕਰੋਨਾ ਦੀ ਮਾਰ ਹੇਠ ਆ ਰਹੇ ਹਨ ਜਿੰਨੇ ਦੁਨੀਆ ਦੇ ਕਿਸੇ ਮੁਲਕ ਵਿਚ ਨਹੀਂ ਆਏ।

ਇਨ੍ਹਾਂ 13 ਮਹੀਨਿਆਂ ਵਿਚ ਹੋਇਆ ਕੀ?

ਮਈ 2020 ਵਿਚ ਹੀ ਸਾਨੂੰ ਦੱਸਿਆ ਗਿਆ ਕਿ ਭਾਰਤ ਹੁਣ ਆਤਮ-ਨਿਰਭਰਤਾ ਦੀ ਰਾਹ ਤੁਰ ਪਿਆ ਹੈ ਅਤੇ ਕੋਵਿਡ-19 ਦੀ ਵੈਕਸੀਨ ਆਪ ਤਿਆਰ ਕਰੇਗਾ। 15 ਅਗਸਤ ਤਕ ਵੈਕਸੀਨ ਦੇ ਆਮ ਜਨਤਾ ਦੀ ਵਰਤੋਂ ਲਈ ਤਿਆਰ ਹੋ ਜਾਣ ਦੀ ਤਰੀਕ ਵੀ ਐਲਾਨ ਦਿੱਤੀ ਗਈ। ਜਨਤਾ ਨੇ ਸੁੱਖ ਦਾ ਸਾਹ ਲਿਆ ਪਰ ਸਿਆਣੇ ਸਿਹਤ ਵਿਗਿਆਨੀਆਂ ਨੇ ਉਸੇ ਵੇਲੇ ਇਸ ਹਵਾਈ ਕਹਾਣੀ ਤੇ ਕਿੰਤੂ ਕੀਤਾ ਕਿਉਂਕਿ ਕਿਸੇ ਵੀ ਨਵੀਂ ਦਵਾਈ ਨੂੰ ਆਮ ਵਰਤੋਂ ਲਈ ਜਾਰੀ ਕਰਨ ਤੋਂ ਪਹਿਲਾਂ ਉਸ ਨੂੰ ਕਰੜੀ ਤੇ ਬਹੁਪੱਖੀ ਪੜਤਾਲ ਦੇ ਪੜਾਵਾਂ ਵਿਚੋਂ ਲੰਘਾਉਣਾ ਜ਼ਰੂਰੀ ਹੁੰਦਾ ਹੈ। 15 ਅਗਸਤ ਆਈ, ਜ਼ਾਹਿਰਾ ਏਡੀ ਛੇਤੀ ਕੋਈ ਵੈਕਸੀਨ ਤਿਆਰ ਨਹੀਂ ਸੀ ਹੋ ਸਕਣੀ ਪਰ ਲਾਲ ਕਿਲ੍ਹੇ ਦੀ ਫ਼ਸੀਲ ਤੋਂ ਆਪਣੇ ਭਾਸ਼ਣ ਦੌਰਾਨ ਪ੍ਰਧਾਨ ਮੰਤਰੀ ਨੇ ਦੱਸਿਆ ਕਿ ਭਾਰਤ ਦੇ ਵਿਗਿਆਨੀ ਇਕ ਨਹੀਂ, ਤਿੰਨ ਤਿੰਨ ਵੈਕਸੀਨ ਤਿਆਰ ਕਰ ਰਹੇ ਹਨ ਜੋ ਛੇਤੀ ਹੀ ਹਰ ਭਾਰਤੀ ਸ਼ਹਿਰੀ ਨੂੰ ਮੁਹੱਈਆ ਹੋਣਗੀਆਂ।



ਨਵੰਬਰ 2020 ਵਿਚ ਬਿਹਾਰ ਵਿਚ ਹੋਈਆਂ ਚੋਣਾਂ ਵੇਲੇ ਵੈਕਸੀਨ ਨੂੰ ਚੋਣ ਪ੍ਰਚਾਰ ਤਕ ਲਈ ਵਰਤਿਆ ਗਿਆ; ਅਖੇ, ਭਾਜਪਾ ਸਰਕਾਰ ਹਰ ਬਿਹਾਰੀ ਨੂੰ ਮੁਫ਼ਤ ਟੀਕਾ ਲਾਏਗੀ, ਹਾਲਾਂਕਿ ਉਦੋਂ ਤਕ ਕਿਸੇ ਵੈਕਸੀਨ ਨੂੰ ਮਨਜ਼ੂਰੀ ਨਹੀਂ ਸੀ ਮਿਲੀ। ਹਮੇਸ਼ਾ ਚੋਣ ਪ੍ਰਚਾਰ ਵਿਚ ਹੀ ਰੁੱਝੀ ਰਹਿਣ ਵਾਲੀ ਅਤੇ ਫ਼ੋਕੇ ਵਾਅਦੇ ਕਰਨਾ ਗਿੱਝੀ ਸਰਕਾਰ ਨੇ ਇਸ ਗੱਲ ਨੂੰ ਗੌਲ਼ਿਆ ਹੀ ਨਹੀਂ ਕਿ ਰੋਗ ਮਾਹਿਰਾਂ ਨੇ ਦੂਜੇ ਮੁਲਕਾਂ ਦੇ ਤਜਰਬੇ ਵੱਲ ਦੇਖਦਿਆਂ ਨਵੰਬਰ 2020 ਵਿਚ ਹੀ ਇਸ ਗੱਲ ਬਾਰੇ ਚਿਤਾਵਨੀ ਦੇਣੀ ਸ਼ੁਰੂ ਕਰ ਦਿੱਤੀ ਸੀ ਕਿ ਕੋਵਿਡ-19 ਦੀ ਵਧੇਰੇ ਖ਼ਤਰਨਾਕ ਦੂਜੀ ਲਹਿਰ ਲਈ ਤਿਆਰ ਰਹਿਣਾ ਪਵੇਗਾ ਅਤੇ ਹਸਪਤਾਲਾਂ ਲਈ ਆਕਸੀਜਨ ਸਪਲਾਈ ਦੀ ਸਮਰੱਥਾ ਨੂੰ ਫ਼ੌਰੀ ਤੌਰ ਤੇ ਵਧਾਉਣ ਦੀ ਲੋੜ ਹੈ।

ਉੱਧਰ ਕੋਵੀਸ਼ੀਲਡ ਵੈਕਸੀਨ ਬਣਾਉਣ ਵਾਲੇ ਸੀਰਮ ਇੰਸਟੀਚਿਊਟ ਦੀ ਇਸ ਬੇਨਤੀ ਨੂੰ ਵੀ ਨਾ ਗੌਲ਼ਿਆ ਗਿਆ ਕਿ 140 ਕਰੋੜ ਦੀ ਆਬਾਦੀ ਵਾਲੇ ਮੁਲਕ ਦੇ ਲੋਕਾਂ ਨੂੰ ਛੇਤੀ ਵੈਕਸੀਨ ਮੁਹੱਈਆ ਕਰਨ ਲਈ 3000 ਕਰੋੜ ਦੇ ਨਿਵੇਸ਼ ਦੀ ਫੌਰੀ ਲੋੜ ਹੈ ਤਾਂ ਜੋ ਟੀਕੇ ਬਣਾਉਣ ਦੀ ਸਮਰੱਥਾ ਨੂੰ ਵਧਾਇਆ ਜਾ ਸਕੇ, ਨਹੀਂ ਤਾਂ ਨਤੀਜੇ ਭਿਆਨਕ ਹੋਣਗੇ। ਇਨ੍ਹਾਂ ਚਿਤਾਵਨੀਆਂ ਨੂੰ ਗੌਲਣਾ ਤਾਂ ਕੀ ਸੀ, ਹਮੇਸ਼ਾ ਆਪਣੀ ਪਿੱਠ ਥਾਪੜਨ ਵਿਚ ਰੁੱਝੀ ਰਹਿਣ ਵਾਲੀ ਸਰਕਾਰ ਨੇ 2021 ਦੇ ਮੁੱਢ ਵਿਚ ਪਹਿਲੇ ਟੀਕਿਆਂ ਦੀ ਵਰਤੋਂ ਸ਼ੁਰੂ ਹੁੰਦੇ ਸਾਰ ਹੀ ਐਲਾਨ ਕਰ ਦਿੱਤਾ ਕਿ ਭਾਰਤ ਨੇ ਕੋਵਿਡ-19 ਨੂੰ ਪਛਾੜ ਦਿੱਤਾ ਹੈ, ਸਾਡਾ ਮੁਲਕ ਇਸ ਲੜਾਈ ਵਿਚ ਮੋਹਰੀ (ਵਿਸ਼ਵ ਗੁਰੂ) ਸਾਬਿਤ ਹੋਇਆ ਹੈ ਅਤੇ ਸਾਰੀ ਦੁਨੀਆ ਦੀਆਂ ਨਜ਼ਰਾਂ ਇਸ ਵੇਲੇ ਭਾਰਤ ਅਤੇ ਨਰਿੰਦਰ ਮੋਦੀ ਦੀ ਅਗਵਾਈ ਤੇ ਟਿਕੀਆਂ ਹੋਈਆਂ ਹਨ।

ਫਰਵਰੀ 2021 ਵਿਚ ਅਜੇ ਭਾਰਤੀ ਵਸੋਂ ਦੇ ਇੱਕ ਫ਼ੀਸਦੀ ਦਾ ਵੀ ਟੀਕਾਕਰਨ ਨਹੀਂ ਸੀ ਹੋਇਆ, ਜਦੋਂ ਪ੍ਰਧਾਨ ਮੰਤਰੀ ਨੇ ਭਾਰਤ ਨੂੰ ਦੁਨੀਆ ਦਾ ਦਵਾਈ-ਭੰਡਾਰ ਗਰਦਾਨਦਿਆਂ 'ਵੈਕਸੀਨ ਮੈਤਰੀ' ਪ੍ਰੋਗਰਾਮ ਤਹਿਤ ਲੋੜਵੰਦ ਮੁਲਕਾਂ ਦੀ ਮਦਦ ਕਰਨ ਲਈ ਮੈਦਾਨ ਵਿਚ ਨਿੱਤਰਨ ਦੇ ਵਾਅਦੇ ਕਰ ਦਿੱਤੇ। ਵੈਕਸੀਨ ਹੁਣ ਵਿਸ਼ਵ ਪੱਧਰ ਤੇ ਮੋਦੀ ਦੀ ਬਤੌਰ ਹੀਰੋ ਭੱਲ ਬਣਾਉਣ ਦੇ ਸੰਦ ਵਜੋਂ ਵਰਤੀ ਜਾਣ ਲੱਗੀ। ਦੂਜੇ ਪਾਸੇ, ਇਸੇ ਹੀ ਮਹੀਨੇ ਕੇਂਦਰੀ ਸਿਹਤ ਮੰਤਰੀ ਹਰਸ਼ ਵਰਧਨ ਨੇ ਰਾਮਦੇਵ ਨਾਲ ਸਾਂਝੀ ਸਟੇਜ ਤੇ ਹਾਜ਼ਰੀ ਲੁਆਈ ਜਿੱਥੋਂ ਬਾਬਾ ਰਾਮਦੇਵ ਦੇ ਕਾਰਖਾਨੇ ਦੀ ਆਯੁਰਵੈਦਿਕ ਦਵਾਈ 'ਕੋਰੋਨਿਲ' ਬਾਰੇ ਖੋਜ ਪੱਤਰ ਜਾਰੀ ਕੀਤਾ ਗਿਆ ਤੇ ਦੱਸਿਆ ਗਿਆ ਕਿ ਇਸ ਨੂੰ ਵਿਸ਼ਵ ਸਿਹਤ ਸੰਸਥਾ (ਡਬਲਿਊਐੱਚਓ) ਨੇ ਮਾਨਤਾ ਦੇ ਦਿੱਤੀ ਹੈ ਪਰ ਨੂੰ ਫ਼ਰਨ ਟਵੀਟ ਕਰ ਕੇ ਸਪੱਸ਼ਟ ਕਰਨਾ ਪਿਆ ਕਿ ਅਜਿਹੀ ਕਿਸੇ ਦਵਾਈ ਨੂੰ ਉਨ੍ਹਾਂ ਵੱਲੋਂ ਕੋਈ ਮਾਨਤਾ ਨਹੀਂ ਦਿੱਤੀ ਗਈ।

ਕੁੰਭ ਦਾ ਮੇਲਾ ਆਉਣ ਵਾਲਾ ਸੀ, ਰਵਾਇਤ ਮੁਤਾਬਿਕ ਲੱਖਾਂ ਲੋਕਾਂ ਦੀਆਂ ਭੀੜਾਂ ਜੁੜਨੀਆਂ ਸਨ ਪਰ ਹਿੰਦੂ ਵੋਟਰਾਂ ਦੀਆਂ ਭਾਵਨਾਵਾਂ ਨੂੰ ਤਰਜੀਹ ਦਿੰਦਿਆਂ ਸਰਕਾਰ ਵੱਲੋਂ ਇਸ ਨੂੰ ਰੋਕਣ ਦੇ ਕੋਈ ਦਿਸ਼ਾ ਨਿਰਦੇਸ਼ ਨਹੀਂ ਸਨ। ਉਹੋ ਸਰਕਾਰ ਜਿਸ ਨੇ ਪਿਛਲੇ ਸਾਲ ਸ਼ਾਹੀਨ ਬਾਗ਼, ਤਬਲੀਗ਼ੀ ਮਿਲਣੀਆਂ ਤੇ ਕਿਸਾਨ ਮੋਰਚਿਆਂ ਸਮੇਤ ਕਿਸੇ ਵੀ ਕਿਸਮ ਦੇ ਰੋਸ ਇਕੱਠ ਨੂੰ ਕਰੋਨਾ-ਫੈਲਾਊ ਭੀੜਾਂ ਸਾਬਤ ਕਰਨ ਲਈ ਹਰ ਪੈਂਤੜਾ ਵਰਤਿਆ ਸੀ, ਹੁਣ ਚੁੱਪ ਸਾਧ ਕੇ ਬੈਠੀ ਹੋਈ ਸੀ। ਜਦੋਂ ਮਾਰਚ ਮਹੀਨੇ ਸਪੱਸ਼ਟ ਦਿਸਣ ਲਗ ਪਿਆ ਕਿ ਮੁਲਕ ਕਰੋਨਾ ਦੇ ਦੂਜੇ ਦੌਰ ਵਿਚ ਦਾਖਲ ਹੋ ਚੁੱਕਾ ਹੈ ਤੇ ਇਸ ਦੋਗ਼ਲੇ ਵਤੀਰੇ ਦੀ ਆਲੋਚਨਾ ਸ਼ੁਰੂ ਹੋਈ ਤਾਂ ਉੱਤਰਾਖੰਡ ਦੇ ਮੁੱਖ ਮੰਤਰੀ ਨੇ ਕਿਹਾ, "ਕੁੰਭ ਦਾ ਮੇਲਾ ਗੰਗਾ ਕੰਢੇ ਹੁੰਦਾ ਹੈ। ਇਸ ਨੂੰ ਗੰਗਾ ਮਈਆ ਦਾ ਆਸ਼ੀਰਵਾਦ ਹੈ, ਇਸ ਲਈ ਇਸ ਉਤੇ ਕਰੋਨਾ ਦਾ ਪ੍ਰਕੋਪ ਹੋਵੇਗਾ ਹੀ ਨਹੀਂ।" ਦੂਜੇ ਪਾਸੇ, ਬੰਗਾਲ ਦੀਆਂ ਚੋਣਾਂ ਹਰ ਹੀਲੇ ਜਿੱਤਣ ਲਈ ਉਥੋਂ ਦੀ ਚੋਣ ਪ੍ਰਕਿਰਿਆ ਨੂੰ ਸਵਾ ਮਹੀਨੇ ਦੇ ਵਕਫ਼ੇ ਉੱਤੇ ਖਿਲਾਰ ਦਿੱਤਾ ਗਿਆ ਤਾਂ ਜੋ ਉਸ ਵਿਚ ਵੱਧ ਤੋਂ ਵੱਧ ਚੋਣ ਰੈਲੀਆਂ ਕੀਤੀਆਂ ਜਾ ਸਕਣ। ਟੀਵੀ ਰਾਹੀਂ 'ਦੋ ਗਜ਼ ਕੀ ਦੂਰੀ' ਅਤੇ 'ਮਾਸਕ ਪਾ ਕੇ ਰੱਖਣ' ਦੀਆਂ ਨਸੀਹਤਾਂ ਦੇਣ ਵਾਲੇ ਪ੍ਰਧਾਨ ਮੰਤਰੀ ਨੇ ਨਾ ਸਿਰਫ਼ ਥਾਂ ਪੁਰ ਥਾਂ ਆਪ ਬਿਨਾਂ ਮਾਸਕ ਰੈਲੀਆਂ ਕੀਤੀਆਂ ਸਗੋਂ ਸਟੇਜ ਤੋਂ ਇਸ ਗੱਲ ਦੀ ਤਸੱਲੀ ਵੀ ਪ੍ਰਗਟਾਈ ਕਿ ਇੰਨੀਆਂ ਵੱਡੀਆਂ ਰੈਲੀਆਂ ਤਾਂ ਉਸ ਨੇ ਕਦੀ ਦੇਖੀਆਂ ਹੀ ਨਹੀਂ।

ਕਰੋਨਾ ਨੂੰ ਮਾਤ ਦੇ ਲੈਣ ਦੇ ਝੂਠੇ ਦਮਗਜਿਆਂ, ਤੱਥਹੀਣ ਦਾਅਵਿਆਂ, ਅੰਧਵਿਸ਼ਵਾਸ ਉਪਜਾਊ ਬਿਆਨਾਂ ਤੇ ਸਰਕਾਰ ਦੇ ਆਪਣੇ ਵਿਹਾਰ ਦਾ ਅਸਰ ਇਹ ਹੋਇਆ ਕਿ ਮੁਲਕ ਵਿਚ ਭੰਬਲਭੂਸੇ ਦਾ ਅਜੀਬ ਮਾਹੌਲ ਸਿਰਜਿਆ ਗਿਆ। ਕਈਆਂ ਨੂੰ ਕਰੋਨਾ ਦੀ ਸੱਚਮੁੱਚ ਹੋਂਦ ਤੇ ਹੀ ਸ਼ੱਕ ਸੀ ਤੇ ਕਈ ਹੋਰਨਾਂ ਨੂੰ ਸਰਕਾਰੀ ਦਾਅਵਿਆਂ ਕਾਰਨ ਲੱਗਣ ਲੱਗ ਪਿਆ ਕਿ ਕਰੋਨਾ ਨੂੰ ਹੁਣ ਕਾਬੂ ਕਰ ਲਿਆ ਗਿਆ ਹੈ। ਵੈਕਸੀਨ ਬਾਰੇ ਵਾਰ ਵਾਰ ਬਦਲਦੇ ਬਿਆਨਾਂ ਕਾਰਨ ਕਈਆਂ ਦਾ ਇਸ ਤੋਂ ਵਿਸ਼ਵਾਸ ਹੀ ਉੱਠ ਗਿਆ ਤੇ ਕਈਆਂ ਨੂੰ ਜਾਪਣ ਲੱਗ ਪਿਆ ਕਿ ਇਸ ਦੀ ਹੁਣ ਲੋੜ ਹੀ ਕੋਈ ਨਹੀਂ ਰਹੀ। ਉੱਧਰ ਸਿਹਤ ਸੇਵਾਵਾਂ ਨਾਲ ਜੁੜੇ ਮਾਹਿਰ, ਉਨ੍ਹਾਂ ਦੀਆਂ ਚਿਤਾਵਨੀਆਂ ਨੂੰ ਗੰਭੀਰਤਾ ਨਾਲ ਲੈ ਰਹੇ ਵੱਖ ਵੱਖ ਰਾਜਾਂ ਦੇ ਮੁੱਖ ਮੰਤਰੀ ਵਾਰ ਵਾਰ ਕੇਂਦਰ ਨਾਲ ਆਕਸੀਜਨ ਦੀ ਘਾਟ ਅਤੇ ਵੱਧ ਤੋਂ ਵੱਧ ਵਸੋਂ ਦੇ ਛੇਤੀ ਤੋਂ ਛੇਤੀ ਟੀਕਾਕਰਨ ਕਰਨ ਦੀ ਫੌਰੀ ਲੋੜ ਲਈ ਵੈਕਸੀਨ ਦੀ ਤੋਟ ਬਾਰੇ ਸਵਾਲ ਉਠਾ ਰਹੇ ਸਨ ਪਰ ਕੇਂਦਰ ਸਰਕਾਰ ਇਨ੍ਹਾਂ ਮੰਗਾਂ ਨੂੰ ਵਿਰੋਧੀ ਧਿਰ ਦੀ ਸਿਆਸੀ ਹਾਲ-ਪਾਹਰਿਆ ਗਰਦਾਨ ਕੇ ਹਊ-ਪਰੇ ਕਰ ਰਹੀ ਸੀ। ਹੋਰ ਤਾਂ ਹੋਰ, ਮੁਲਕ ਦੇ ਸਾਬਕਾ ਪ੍ਰਧਾਨ ਮੰਤਰੀ ਮਨਮੋਹਨ ਸਿੰਘ ਦਾ ਅੱਜ ਦੇ ਪ੍ਰਧਾਨ ਮੰਤਰੀ ਨੂੰ ਕੋਵਿਡ-19 ਨਾਲ ਸਿੱਝਣ ਲਈ ਕੁਝ ਫ਼ੌਰੀ ਸੁਝਾਅ ਦਿੰਦਾ ਖ਼ਤ ਵੀ ਸਿਆਸੀ ਉਸ਼ਟੰਡਬਾਜ਼ੀ ਕਹਿ ਕੇ ਨਕਾਰ ਦਿੱਤਾ ਗਿਆ।

ਸਰਕਾਰ ਦੇ ਇਸ ਹਿਕਾਰਤੀ ਅਵੇਸਲੇਪਣ ਅਤੇ ਆਪਣੀ ਸਰਬਸ਼ਕਤੀਮਾਨਤਾ ਤੇ ਭਰੋਸੇ ਦਾ ਨਤੀਜਾ ਅੱਜ ਸਭ ਦੇ ਸਾਹਮਣੇ ਹੈ। ਸ਼ਹਿਰ ਦਰ ਸ਼ਹਿਰ, ਪਿੰਡ ਦਰ ਪਿੰਡ ਤੋਂ ਆਉਣ ਵਾਲੀਆਂ ਖ਼ਬਰਾਂ ਅਤੇ ਤਸਵੀਰਾਂ ਇੰਨੀਆਂ ਭਿਆਨਕ ਹਨ ਕਿ ਇਹ ਸੋਚ ਕੇ ਹੀ ਦਿਲ ਦਹਿਲਦਾ ਹੈ ਕਿ ਆਉਣ ਵਾਲੇ ਦਿਨ ਇਸ ਤੋਂ ਕਿਤੇ ਵਧ ਤਬਾਹਕੁਨ ਸਾਬਿਤ ਹੋ ਸਕਦੇ ਹਨ।

ਪਿਛਲੇ ਸੱਤ ਸਾਲਾਂ ਦਾ ਇਤਿਹਾਸ ਗਵਾਹ ਹੈ ਕਿ ਪ੍ਰਧਾਨ ਮੰਤਰੀ ਨੂੰ ਚੁੱਕੇ ਜਾਣ ਵਾਲੇ ਹਰ ਪ੍ਰਸ਼ਾਸਕੀ ਕਦਮ ਤੋਂ ਨਿੱਜੀ ਭੱਲ ਖੱਟਣ ਦੀ ਲਾਲਸਾ ਅਮੁੱਕ ਹੈ। ਗੈਸ ਸਿਲੰਡਰ ਵੰਡਣ ਦੀ ਯੋਜਨਾ ਹੋਵੇ ਜਾਂ ਕੋਵਿਡ-19 ਟੀਕਾ ਲੁਆਈ ਦੀ ਪ੍ਰਮਾਣ-ਪਰਚੀ, ਹਰ ਥਾਂ ਤਸਵੀਰ ਪ੍ਰਧਾਨ ਮੰਤਰੀ ਦੀ ਹੁੰਦੀ ਹੈ, ਸਾਰਾ ਕ੍ਰੈਡਿਟ ਵੀ ਉਸੇ ਦੇ ਖਾਤੇ ਪਾਇਆ ਜਾਂਦਾ ਹੈ। ਹੁਣ ਪ੍ਰਧਾਨ ਮੰਤਰੀ ਦਾ ਪ੍ਰਚਾਰ ਤੰਤਰ ਜੋ ਮਰਜ਼ੀ ਸਪੱਸ਼ਟੀਕਰਨ ਘੜਦਾ ਰਹੇ, ਇਸ ਕਿਸਮ ਦੀ ਘੋਰ ਅਣਗਹਿਲੀ ਅਤੇ ਮੁਜਰਮਾਨਾ ਅਣਗਹਿਲੀ ਲਈ ਸਭ ਤੋਂ ਪਹਿਲਾਂ ਪ੍ਰਧਾਨ ਮੰਤਰੀ ਹੀ ਜ਼ਿੰਮੇਵਾਰ ਹੈ।

**-ਪ੍ਰਮਿੰਦਰਜੀਤ**

**ਸੰਪਰਕ: 93162-02025**

ਵਰਲਡ ਪੰਜਾਬੀ ਨਿਊਜ਼ ਵਿੱਚ ਪ੍ਰਕਾਸ਼ਿਤ ਹੋਣ ਵਾਲੇ ਲੇਖ ਅਤੇ ਰਚਨਾਵਾਂ ਲੇਖਕਾਂ ਦੇ ਨਿੱਜੀ ਵਿਚਾਰ ਹੋ ਸਕਦੇ ਹਨ। ਇਹਨਾਂ ਨਾਲ ਸੰਪਾਦਕ ਅਤੇ 'ਵਰਲਡ ਪੰਜਾਬੀ ਨਿਊਜ਼' ਅਦਾਰੇ ਦਾ ਸਹਿਮਤ ਹੋਣਾ ਜਰੂਰੀ ਨਹੀਂ ਹੈ- ਸੰਪਾਦਕ 'ਵਰਲਡ ਪੰਜਾਬੀ ਨਿਊਜ਼' ਵਿੱਚ ਪ੍ਰਕਾਸ਼ਿਤ ਹੋਣ ਵਾਲੇ ਵਿਗਿਆਪਨਾਂ ਦੀ ਪਰਖ ਪਾਠਕ ਖੁਦ ਕਰਨ। 'ਵਰਲਡ ਪੰਜਾਬੀ ਨਿਊਜ਼' ਅਦਾਰਾ ਇਹਨਾਂ ਪ੍ਰਤੀ ਜਿੰਮੇਵਾਰ ਨਹੀਂ ਹੋਵੇਗਾ- ਸੰਪਾਦਕ

# ਜਥੇਦਾਰ ਇੰਦਰਜੀਤ ਜੀਰਾ ਦੇ ਅਕਾਲ ਚਲਾਣੇ 'ਤੇ ਰੰਧਾਵਾ ਵਲੋਂ ਦੁੱਖ ਦਾ ਪ੍ਰਗਟਾਵਾ



**ਚੰਡੀਗੜ (ਦੀਪਕ ਸ਼ਰਮਾ)** ਸਹਿਕਾਰਤਾ ਅਤੇ ਜੇਲ ਮੰਤਰੀ ਸੁਖਜਿੰਦਰ ਸਿੰਘ ਰੰਧਾਵਾ ਨੇ ਸਾਬਕਾ ਮੰਤਰੀ ਅਤੇ ਸੀਨੀਅਰ ਕਾਂਗਰਸੀ ਆਗੂ ਇੰਦਰਜੀਤ ਸਿੰਘ ਜੀਰਾ ਦੇ ਬੇਵਕਤੇ ਅਕਾਲ ਚਲਾਣੇ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਆਪਣੇ ਸੋਕ ਸੰਦੇਸ ਵਿੱਚ ਰੰਧਾਵਾ ਨੇ ਕਿਹਾ ਕਿ ਜਿੱਥੇ ਇਹ ਸੂਬੇ, ਪਾਰਟੀ ਅਤੇ ਜੀਰਾ ਪਰਿਵਾਰ ਲਈ ਵੱਡਾ ਘਾਟਾ ਹੈ, ਉਥੇ ਉਨਾਂ ਨੂੰ ਨਿੱਜੀ ਤੌਰ 'ਤੇ ਬਹੁਤ ਵੱਡਾ ਘਾਟਾ ਪਿਆ ਹੈ। ਉਨਾਂ ਜੀਰਾ ਨੂੰ ਜਮੀਨ ਨਾਲ ਜੁੜਿਆ ਅਤੇ ਕਿਸਾਨਾਂ ਤੇ ਕਿਸਾਨੀ ਹੱਕਾਂ ਲਈ ਮੋਹਰੀ ਹੋ ਕੇ ਲੜਨ ਵਾਲਾ ਧੜੱਲੇਦਾਰ ਆਗੂ ਦੱਸਦਿਆਂ ਕਿਹਾ ਕਿ ਉਹ ਆਪਣੀ ਗੱਲ ਬੇਬਾਕੀ ਨਾਲ ਕਰਨ ਲਈ ਜਾਣੇ ਜਾਂਦੇ ਸਨ, ਜਿਨਾਂ ਰਾਜਨੀਤੀ ਕਰਦਿਆਂ ਆਪਣੇ ਅਸੂਲਾਂ ਨਾਲ ਕਿਤੇ ਸਮਝੌਤਾ ਨਹੀਂ ਕੀਤਾ। ਉਨਾਂ ਦੇ ਬੇਵਕਤੇ ਤੁਰ ਜਾਣ ਨਾਲ ਰਾਜਨੀਤੀ ਖੇਤਰ 'ਚ ਵੱਡਾ ਖਲਾਅ ਪੈਦਾ ਹੋ ਗਿਆ, ਜੋ ਜਲਦੀ ਪੂਰਿਆਂ ਨਹੀਂ ਜਾਣਾ। ਉਨਾਂ ਕਿਹਾ ਕਿ ਪੰਜਾਬ ਨੇ ਅੱਜ ਇਕ ਸੁਹਿਰਦ ਆਗੂ ਗੁਆ ਲਿਆ। ਰੰਧਾਵਾ ਨੇ ਕਿਹਾ ਕਿ ਪੰਜਾਬ ਅਤੇ ਕਾਂਗਰਸ ਪਾਰਟੀ ਲਈ ਉਨਾਂ ਦੇ ਯੋਗਦਾਨ ਨੂੰ ਹਮੇਸਾ ਯਾਦ ਰੱਖਿਆ ਜਾਵੇਗਾ। ਇਸ ਮੌਕੇ ਉਨਾਂ ਵਿੱਛੜੇ ਹੋਏ ਆਗੂ ਦੇ ਸਪੁੱਤਰ ਅਤੇ ਵਿਧਾਇਕ ਕੁਲਬੀਰ ਸਿੰਘ ਜੀਰਾ ਸਮੇਤ ਸਮੁੱਚੇ ਪਰਿਵਾਰ, ਉਨਾਂ ਦੇ ਸਾਕ-ਸਨੇਹੀਆਂ, ਮਿੱਤਰਾਂ ਅਤੇ ਸਮਰਥਕਾਂ ਨਾਲ ਵੀ ਦੁੱਖ ਸਾਂਝਾ ਕੀਤਾ। ਰੰਧਾਵਾ ਨੇ ਵਾਹਿਗੁਰੂ ਅੱਗੇ ਵਿਛੜੀ ਹੋਈ ਰੂਹ ਦੀ ਆਤਮਿਕ ਸਾਂਤੀ ਅਤੇ ਪਿੱਛੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸਣ ਦੀ ਅਰਦਾਸ ਕੀਤੀ। ਇੱਥੇ ਦੱਸ ਦਈਏ ਕਿ ਅੱਜ ਫਿਰੋਜਪੁਰ 'ਚ ਜੀਰਾ ਹਲਕੇ ਦੇ ਵਿਧਾਇਕ ਕੁਲਬੀਰ ਸਿੰਘ ਜੀਰਾ ਦੇ ਪਿਤਾ ਅਤੇ ਸਾਬਕਾ ਮੰਤਰੀ ਜੱਥੇਦਾਰ ਇੰਦਰਜੀਤ ਸਿੰਘ ਜੀਰਾ ਦਾ ਅੱਜ ਸਵੇਰੇ ਮੋਹਾਲੀ ਵਿਖੇ ਹਸਪਤਾਲ ਵਿਚ ਇਲਾਜ ਦੌਰਾਨ ਦਿਹਾਂਤ ਹੋ ਗਿਆ। ਪਿਛਲੇ ਕੁੱਝ ਸਮੇਂ ਉਨਾਂ ਦਾ ਬੀਮਾਰੀ ਕਾਰਨ ਇਲਾਜ ਚੱਲ ਰਿਹਾ ਸੀ।

# 60 ਲੱਖ ਪਸ਼ੂਆਂ ਨੂੰ ਲਾਏ ਜਾ ਰਹੇ ਗਲਘੋਟੂ ਬੀਮਾਰੀ ਤੋਂ ਬਚਾਅ ਦੇ ਟੀਕੇ : ਬਾਜਵਾ



**ਚੰਡੀਗੜ(ਦੀਪਕ ਸ਼ਰਮਾ)** ਪਸ਼ੂ-ਪਾਲਣ ਵਿਭਾਗ ਵੱਲੋਂ ਪੇਂਡੂ ਵਿਕਾਸ ਅਤੇ ਪੰਚਾਇਤ ਮੰਤਰੀ ਤ੍ਰਿਪਤ ਰਾਜਿੰਦਰ ਬਾਜਵਾ ਦੀ ਯੋਗ ਅਗਵਾਈ ਹੇਠ ਪੰਜਾਬ ਪਸ਼ੂ ਧਨ ਨੂੰ ਗਲਘੋਟੂ ਬੀਮਾਰੀ ਤੋਂ ਬਚਾਉਣ ਲਈ ਬਰਸਾਤ ਤੋਂ ਪਹਿਲਾਂ 60 ਲੱਖ ਪਸ਼ੂਆਂ ਨੂੰ ਟੀਕੇ ਲਗਾਏ ਜਾ ਰਹੇ ਹਨ। ਵਿਭਾਗ ਦੇ ਵਧੀਕ ਮੁੱਖ ਸਕੱਤਰ ਵਿਜੈ ਕੁਮਾਰ ਜੰਜੂਆ ਆਈ. ਏ. ਐਸ. ਅਤੇ ਵਿਭਾਗ ਦੇ ਡਾਇਰੈਕਟਰ ਡਾ. ਸੰਜੀਵ ਖੋਸਲਾ ਨੇ ਦੱਸਿਆ ਕਿ ਵਿਭਾਗ ਵੱਲੋਂ ਟੀਕਾਕਰਨ ਲਈ ਟੀਮਾਂ ਦਾ ਗਠਨ ਕੀਤਾ ਗਿਆ ਹੈ, ਜੋ ਘਰ-ਘਰ ਜਾ ਕੇ ਇਹ ਟੀਕਾਕਰਨ ਕਰ ਰਹੀਆਂ ਹਨ। ਉਨਾਂ ਪਸ਼ੂ ਪਾਲਕਾਂ ਨੂੰ ਬੇਨਤੀ ਕੀਤੀ ਕਿ ਉਹ ਹਰ ਪਸ਼ੂ ਨੂੰ ਇਹ ਟੀਕਾ ਲਵਾਉਣਾ ਯਕੀਨੀ ਬਣਾਉਣ ਤਾਂ ਜੋ ਉਨਾਂ ਦੇ ਪਸ਼ੂਆਂ ਨੂੰ ਗਲਘੋਟੂ ਬੀਮਾਰੀ ਤੋਂ ਨਿਜਾਤ ਮਿਲ ਸਕੇ। ਮੰਤਰੀ ਬਾਜਵਾ, ਵਿਜੈ ਕੁਮਾਰ ਜੰਜੂਆ ਤੇ ਡਾਕਟਰ ਖੋਸਲਾ ਨੇ ਕਿਹਾ ਹੈ ਕਿ ਉਹ 60 ਲੱਖ ਪਸ਼ੂਆਂ ਨੂੰ ਟੀਕਾ ਲਗਾਉਣ ਦਾ ਇਹ ਟੀਚਾ ਬਰਸਾਤ ਤੋਂ ਪਹਿਲਾਂ ਪੂਰਾ ਕਰ ਲੈਣਗੇ। ਉਨਾਂ ਦੱਸਿਆ ਕਿ ਇਸ ਟੀਕੇ ਦੀ ਕੀਮਤ ਪੰਜ ਰੁਪਏ ਪ੍ਰਤੀ ਜਾਨਵਰ ਤੈਅ ਕੀਤੀ ਗਈ ਹੈ। ਦੂਸਰੇ ਪਾਸੇ ਪੰਜਾਬ ਸਟੇਟ ਵੈਟਨਰੀ ਇੰਸਪੈਕਟਰਜ ਦੇ ਸੂਬਾ ਪ੍ਰਧਾਨ ਭੁਪਿੰਦਰ ਸਿੰਘ ਸੱਚਰ ਅਤੇ ਸੂਬਾ ਪ੍ਰੈਸ ਸਕੱਤਰ ਕਿਸਨ ਚੰਦਰ ਮਹਾਜਨ ਨੇ ਮੰਤਰੀ ਬਾਜਵਾ ਅਤੇ ਵਿਭਾਗ ਦੇ ਅਧਿਕਾਰੀਆਂ ਨੂੰ ਪੁਰਜੋਰ ਅਪੀਲ ਕੀਤੀ ਹੈ ਕਿ ਕੋਰੋਨਾ ਦੇ ਪੀਕ ਦੌਰ ਵਿਚ ਉਹ ਘਰ-ਘਰ ਜਾ ਕਿ ਇਹ ਟੀਕਾਕਰਨ ਕਰ ਰਹੇ ਹਨ। ਇਸ ਲਈ ਉਨਾਂ ਦਾ ਅਤੇ ਉਨਾਂ ਦੇ ਪਰਿਵਾਰਾਂ ਦਾ ਖਿਆਲ ਰੱਖਦੇ ਹੋਏ ਸਰਕਾਰ ਉਨਾਂ ਨੂੰ ਕੋਰੋਨਾ ਯੋਧੇ ਐਲਾਨੇ ਤਾਂ ਜੋ ਕਿਸੇ ਵੀ ਸਾਥੀ ਦਾ ਨੁਕਸਾਨ ਹੋਣ ਦੀ ਸੂਰਤ 'ਚ ਉਨਾਂ ਦੇ ਪਰਿਵਾਰਾਂ ਨੂੰ ਵੀ ਕੋਰੋਨਾ ਫਰੰਟੀਅਰ ਵਾਲੀਆਂ ਸਹੂਲਤਾ ਮਿਲ ਸਕਣ।

# ਪੰਜਾਬ ਦੇ ਪੇਂਡੂ ਇਲਾਕਿਆਂ 'ਚ ਕੋਰੋਨਾ ਨੇ ਢਾਹਿਆ ਕਹਿਰ, ਪਰੇਸ਼ਾਨ ਕਰ ਦੇਣਗੇ ਅੰਕੜੇ

**ਚੰਡੀਗੜ (ਦੀਪਕ ਸ਼ਰਮਾ)** ਭਾਰਤ ਸਮੇਤ ਪੰਜਾਬ 'ਚ ਕੋਰੋਨਾ ਵਾਇਰਸ ਦੀ ਦੂਜੀ ਲਹਿਰ ਕਾਰਨ ਕੋਹਰਾਮ ਮਚਿਆ ਹੋਇਆ ਹੈ। ਪੰਜਾਬ 'ਚ ਸ਼ਹਿਰੀ ਇਲਾਕਿਆਂ ਦੇ ਨਾਲ-ਨਾਲ ਪੇਂਡੂ ਖੇਤਰਾਂ 'ਚ ਕੋਰੋਨਾ ਆਪਣਾ ਪੂਰਾ ਕਹਿਰ ਢਾਹ ਰਿਹਾ ਹੈ। ਸ਼ਹਿਰੀ ਖੇਤਰਾਂ ਨਾਲੋਂ ਪੇਂਡੂ ਖੇਤਰਾਂ ਦੀ ਮੌਤ ਦਰ ਦੀ ਫੀਸਦੀ ਪਰੇਸ਼ਾਨ ਕਰਨ ਵਾਲੀ ਹੈ। ਪਿਛਲੇ 10 ਦਿਨਾਂ ਅੰਦਰ ਪਟਿਆਲਾ ਜਲਿ੍ਹ ਦੇ ਪਿੰਡਾਂ 'ਚ ਕੋਰੋਨਾ ਕਾਰਨ 50 ਲੋਕਾਂ ਦੀ ਮੌਤ ਹੋ ਚੁੱਕੀ ਹੈ। ਇਹ ਗਿਣਤੀ ਇਸ ਤੋਂ ਵੀ ਜਿਆਦਾ ਹੋ ਸਕਦੀ ਹੈ ਕਿਉਂਕਿ ਸਿਹਤ ਵਿਭਾਗ ਮੁਤਾਬਕ ਟੈਸਟਿੰਗ ਦੀ ਘਾਟ ਹੋਣ ਕਾਰਨ ਕਈ ਵਾਰ ਕੋਰੋਨਾ ਕਾਰਨ ਹੋਣ ਵਾਲੀਆਂ ਮੌਤਾਂ ਦਾ ਪਤਾ ਨਹੀਂ ਲੱਗਦਾ। ਇਸ ਬਾਰੇ ਜਾਣਕਾਰੀ ਦਿੰਦਿਆਂ ਜਲਿ੍ਹਾ ਮਹਾਮਾਰੀ ਵਿਗਿਆਨੀ ਡਾ. ਸੁਮਿਤ ਸਿੰਘ ਨੇ ਕਿਹਾ ਕਿ ਪੇਂਡੂ ਖੇਤਰਾਂ 'ਚ ਮੌਤ ਦੀ ਗਿਣਤੀ ਕੁੱਲ ਗਿਣਤੀ ਦਾ ਕਰੀਬ 34 ਫੀਸਦੀ ਬਣਦੀ ਹੈ। ਪੇਂਡੂ ਖੇਤਰਾਂ 'ਚ ਕੋਰੋਨਾ ਕਾਰਨ ਮੌਤ ਦਰ 2.86 ਫੀਸਦੀ ਹੈ, ਜਦੋਂ ਕਿ ਸ਼ਹਿਰੀ ਇਲਾਕਿਆਂ 'ਚ ਇਹ ਦਰ 1.73 ਫੀਸਦੀ ਹੈ, ਜੋ ਕਿ ਪੇਂਡੂ ਇਲਾਕਿਆਂ ਦੀ ਮੌਤ ਦਰ ਦੀ ਫੀਸਦੀ ਤੋਂ ਕਿਤੇ ਘੱਟ ਹੈ। ਇਸ ਤੋਂ ਪਤਾ ਲੱਗਦਾ ਹੈ ਕਿ ਪਿੰਡਾ 'ਚ ਲੋਕ ਉਦੋਂ ਤੱਕ ਕੋਰੋਨਾ ਜਾਂਚ ਅਤੇ ਇਲਾਜ ਲਈ ਹਸਪਤਾਲਾਂ ਜਾਂ ਡਾਕਟਰਾਂ ਕੋਲ ਨਹੀਂ ਜਾਂਦੇ, ਜਦੋਂ ਤੱਕ ਉਨਾਂ ਦੀ ਹਾਲਤ ਗੰਭੀਰ ਨਹੀਂ ਹੋ ਜਾਂਦੀ। ਇਸ ਦਾ ਇਕ ਕਾਰਨ ਪੇਂਡੂ ਇਲਾਕਿਆਂ 'ਚ ਸਿਹਤ ਸਹੂਲਤਾਂ ਦਾ ਘੱਟ ਹੋਣਾ ਵੀ ਹੈ। ਇਕ ਸਿਹਤ ਅਧਿਕਾਰੀ ਨੇ ਕਿਹਾ ਹੈ ਕਿ ਪੇਂਡੂ ਇਲਾਕਿਆਂ 'ਚ ਸਿਰਫ ਕੁੱਝ ਕੁ ਲੋਕ ਟੈਸਟਿੰਗ ਕਰਵਾ ਰਹੇ ਹਨ। ਇਸ ਦੌਰਾਨ ਪਿੰਡਾਂ 'ਚ ਕੋਰੋਨਾ ਕਾਰਨ ਹੋਣ ਵਾਲੀਆਂ ਮੌਤਾਂ ਦਾ ਪਤਾ ਨਹੀਂ ਲੱਗ ਰਿਹਾ ਹੈ। ਪਿੰਡਾਂ ਦੇ ਬਹੁਤੇ ਲੋਕ ਕੋਰੋਨਾ ਦੇ ਲੱਛਣ ਹੋਣ ਦੇ ਬਾਵਜੂਦ ਸਿਹਤ ਕੇਂਦਰਾਂ ਜਾਂ ਹਸਪਤਾਲਾਂ 'ਚ ਜਾਣ ਤੋਂ ਝਿਜਕਦੇ ਹਨ। ਪਟਿਆਲਾ ਦੇ ਸਿਵਲ ਸਰਜਨ ਡਾ. ਸਤਿੰਦਰ ਸਿੰਘ ਦਾ ਕਹਿਣਾ ਹੈ ਕਿ ਸਾਡੀਆਂ ਮੋਬਾਇਲ ਟੀਮਾਂ ਜਲਦੀ ਹੀ ਪਿੰਡਾਂ 'ਚ ਟੈਸਟਿੰਗ ਕੈਂਪ ਲਾਉਣ ਜਾ ਰਹੀਆਂ ਹਨ ਅਤੇ ਅਸੀਂ ਪਿੰਡਾਂ 'ਚ ਟੈਸਟਿੰਗ ਵਧਾ ਰਹੇ ਹਾਂ।

# ਬਾਬਾ ਫਰੀਦ ਕਾਲਜ ਆਫ ਨਰਸਿੰਗ ਵਿਖੇ ਮਨਾਇਆ ਗਿਆ 'ਨਰਸਿੰਗ ਡੇ'




**ਕੋਟਕਪੂਰਾ।** ਸਥਾਨਕ ਬਾਬਾ ਫਰੀਦ ਕਾਲਜ ਆਫ ਨਰਸਿੰਗ ਵਿਖੇ ਮੈਨੇਜਿੰਗ ਡਾਇਰੈਕਟਰ ਡਾ. ਮਨਜੀਤ ਸਿੰਘ ਢਿੱਲੋਂ ਅਤੇ ਡਿਪਟੀ ਡਾਇਰੈਕਟਰ ਪ੍ਰੀਤਮ ਸਿੰਘ ਛੋਕਰ ਦੀ ਅਗਵਾਈ ਹੇਠ ਨਰਸਿੰਗ ਹਫਤਾ ਮਨਾਉਂਦਿਆ ਇੱਕ ਪ੍ਰਭਾਵਸ਼ਾਲੀ ਸਮਾਰੋਹ ਦਾ ਆਯੋਜਨ ਕੀਤਾ ਗਿਆ, ਜਿਸ ਦੀ ਸ਼ੁਰੂਆਤ ਡਾ. ਮਨਜੀਤ ਸਿੰਘ ਢਿੱਲੋਂ, ਪ੍ਰੀਤਮ ਸਿੰਘ ਛੋਕਰ, ਪ੍ਰਿੰਸੀਪਲ ਡਾ. ਗੁਰਜੀਤ ਕੌਰ, ਵਾਈਸ ਪ੍ਰਿੰਸੀਪਲ ਮਰਿੰਦਰਪਾਲ ਕੌਰ ਨੇ ਸ਼ਮਾਂ ਰੋਸ਼ਨ ਕਰਕੇ ਅਤੇ ਫਲੋਰੈਂਸ ਨਾਈਟੰਗੇਲ ਦੀ ਤਸਵੀਰ ਨੂੰ ਸ਼ਰਧਾ ਦੇ ਫੁਲ ਭੇਂਟ ਕਰਕੇ ਕੀਤਾ। ਆਪਣੇ ਸੰਬੋਧਨ ਦੌਰਾਨ ਡਾ. ਢਿੱਲੋਂ ਨੇ ਦੱਸਿਆ ਕਿ ਅੱਜ ਦੇ ਸਮੇਂ 'ਚ ਜੋ ਕਰੋਨਾ ਮਹਾਮਾਰੀ ਕਰਕੇ ਅਨੇਕਾਂ ਮੁਸ਼ਕਿਲਾਂ ਦਾ ਸਾਹਮਣਾ ਕਰ ਰਹੇ ਹਾਂ, ਉੱਥੇ ਨਰਸਿੰਗ ਕਿੱਤੇ ਦੀ ਹੀ ਮੰਗ ਪੰਜਾਬ ਵਿੱਚ ਹੀ ਨਹੀਂ ਸਗੋ ਵਿਦੇਸ਼ਾਂ 'ਚ ਵੀ ਨਰਸਿੰਗ ਕਿੱਤੇ ਦੀ ਬਹੁਤ ਜਿਆਦਾ ਮਹੱਤਤਾ ਹੈ। ਉਨਾ ਆਪਣੇ ਸੰਬੋਧਨ ਦੌਰਾਨ ਵਿਦਿਆਰਥੀਆਂ ਨੂੰ ਨਰਸਿੰਗ ਡੇ ਦੀਆਂ ਵਧਾਈਆਂ ਦਿੰਦਿਆ ਕਿਹਾ ਕਿ ਨਰਸਿੰਗ ਦਾ ਕਿੱਤਾ ਬਹੁਤ ਹੀ ਸਤਿਕਾਰ ਵਾਲਾ ਕਿੱਤਾ ਹੈ, ਜਿਸ ਵਿੱਚ ਨਰਸਾਂ ਨੂੰ ਮਰੀਜਾਂ ਦੀ ਦੇਖਭਾਲ ਕਰ ਕੇ ਉਨਾਂ ਨੂੰ ਨਵੀਂ ਜਿੰਦਗੀ ਪ੍ਰਦਾਨ ਕਰਨੀ ਹੁੰਦੀ ਹੈ। ਡਿਪਟੀ ਡਾਇਰੈਕਟਰ ਛੋਕਰ ਨੇ ਦੱਸਿਆ ਕਿ ਬਾਬਾ ਫਰੀਦ ਕਾਲਜ ਆਫ ਨਰਸਿੰਗ ਪਿਛਲੇ ਕਈ ਸਾਲਾਂ ਤੋਂ ਨਰਸਿੰਗ ਦੇ ਕਿੱਤੇ 'ਚ ਆਪਣੀ ਭੂਮਿਕਾ ਨਿਭਾਅ ਰਿਹਾ ਹੈ ਤੇ ਅੱਗੇ ਵੀ ਪੂਰੀ ਲਗਨ ਤੇ ਮਿਹਨਤ ਨਾਲ ਇਸੇ ਤਰਾਂ ਚਲਾਉਂਦੇ ਰਹਾਂਗੇ। ਉਹਨਾਂ ਦੱਸਿਆ ਕਿ ਕਰੋਨਾ ਮਹਾਮਾਰੀ ਦੌਰਾਨ ਨਰਸਾਂ ਹੀ ਹੈ ਜੋ ਕਿ ਅੱਗੇ ਹੋ ਕੇ ਦਿਨ-ਰਾਤ ਲੋਕਾਂ ਦੀ ਸੇਵਾ ਕਰ ਰਹੀਆਂ ਹਨ। ਇਸ ਮੌਕੇ ਡਾ. ਮਨਜੀਤ ਸਿੰਘ ਢਿੱਲੋਂ, ਪ੍ਰੀਤਮ ਸਿੰਘ ਛੋਕਰ, ਪ੍ਰਿੰਸੀਪਲ ਡਾ. ਗੁਰਜੀਤ ਕੌਰ, ਵਾਈਸ ਪ੍ਰਿੰਸੀਪਲ ਮਰਿੰਦਰਪਾਲ ਕੌਰ ਅਤੇ ਸਟਾਫ ਵਲੋਂ ਕੇਕ ਕੱਟਣ ਦੀ ਰਸਮ ਵੀ ਕੀਤੀ ਗਈ। ਪ੍ਰਿੰਸੀਪਲ ਡਾ. ਗੁਰਜੀਤ ਕੌਰ ਨੇ ਵਿਦਿਆਰਥਣਾਂ ਨੂੰ ਨਰਸਿੰਗ ਡੇ ਦੀਆਂ ਸ਼ੁੱਭਕਾਮਨਾਵਾਂ ਦਿੰਦੇ ਹੋਏ ਆਖਿਆ ਕਿ ਸਾਨੂੰ ਆਪਣੇ ਨਰਸਿੰਗ ਦੇ ਕਿੱਤੇ ਪ੍ਰਤੀ ਵਫ਼ਾਦਾਰ ਹੋਣਾ ਚਾਹੀਦਾ ਹੈ ਅਤੇ ਪੂਰੀ ਲਗਨ ਅਤੇ ਮਿਹਨਤ ਨਾਲ ਲੋਕਾਂ ਦੀ ਸੇਵਾ ਕਰਨੀ ਚਾਹੀਦੀ ਹੈ। ਸੰਸਥਾ ਦੇ ਵਾਈਸ ਪ੍ਰਿੰਸੀਪਲ ਮੈਡਮ ਮਰਿੰਦਰਪਾਲ ਕੌਰ ਨੇ ਦੱਸਿਆ ਕਿ ਨਰਸਿੰਗ ਡੇ ਦੇ ਮੌਕੇ ਉੱਪਰ ਕਾਲਜ ਮੈਨੇਜਮੈਂਟ ਵਲੋਂ ਸਟੇਟ ਨਰਸਜ ਐਸੋਸੀਏਸ਼ਨ ਦਾ ਗਠਨ ਕੀਤਾ ਗਿਆ, ਜਿਸ ਵਿੱਚ ਡਾ. ਗੁਰਜੀਤ ਕੌਰ ਐਡਵਾਈਜ਼ਰ, ਮੈਡਮ ਮਨਪ੍ਰੀਤ ਕੌਰ ਐਸਐਨਏ ਇੰਚਾਰਜ, ਚੇਅਰਪਰਸਨ ਦਾ ਅਹੁਦਾ ਸ਼ੌਕਤ, ਕੋਮਲਪ੍ਰੀਤ ਕੌਰ ਅਤੇ ਜਸਪ੍ਰੀਤ ਕੌਰ, ਅਕੀਲਾ ਨਾਜਿਰ ਪ੍ਰਧਾਨ, ਪਰਮਿੰਦਰ ਕੌਰ ਨੂੰ ਵਾਈਸ ਪ੍ਰਧਾਨ, ਸਵਪਨਦੀਪ ਕੌਰ ਨੂੰ ਖਜਾਨਚੀ, ਆਸ਼ਿਮਾ ਨੂੰ ਸੈਕਟਰੀ ਦਾ ਅਹੁਦਾ ਦਿੱਤਾ ਗਿਆ। 'ਨਰਸਿੰਗ ਡੇ' ਮੌਕੇ ਭਾਸ਼ਨ ਮੁਕਾਬਲੇ ਕਰਵਾਏ ਗਏ ਅਤੇ ਕਾਲਜ ਦੀਆਂ ਵਿਦਿਆਰਥਣਾਂ ਵੱਲੋਂ ਕਰੋਨਾ ਮਹਾਮਾਰੀ ਨੂੰ ਮੁੱਖ ਰੱਖਦੇ ਹੋਏ ਵੱਖ-ਵੱਖ ਨਾਟਕ ਪੇਸ਼ ਕਰਕੇ ਉਹਨਾਂ ਨੇ ਇਸ ਭਿਆਨਕ ਬਿਮਾਰੀ ਤੋਂ ਬਚਣ ਲਈ, ਕਰੋਨਾ ਟੈਸਟ ਅਤੇ ਕਰੋਨਾ ਦੇ ਇਲਾਜ ਲਈ ਟੀਕਾ ਕਰਨ ਕਰਵਾਉਣ ਅਤੇ ਆਪਣੇ-ਆਪ ਨੂੰ ਇਸ ਤੋਂ ਕਿਵੇਂ ਬਚਾਇਆ ਜਾ ਸਕਦਾ ਹੈ, ਨਾਟਕ ਰਾਹੀਂ ਪੇਸ਼ ਕੀਤਾ। ਇਸ ਤੋਂ ਇਲਾਵਾ ਬੀਐਸਸੀ ਨਰਸਿੰਗ ਚੋਥਾ ਸਾਲ ਅਤੇ ਬੀਐਸਸੀ ਨਰਸਿੰਗ ਦੂਜੇ ਸਾਲ ਦੀਆਂ ਵਿਦਿਆਰਥਣਾਂ ਵਲੋਂ "ਨਰਸਿੰਗ ਡੇ" ਬਾਰੇ ਪੂਰੀ ਜਾਣਕਾਰੀ ਦਿੱਤੀ ਗਈ। ਇਸ ਮੌਕੇ ਉਪਰੋਕਤ ਤੋਂ ਇਲਾਵਾ ਕਮਲਜੀਤ ਸਿੰਘ, ਇੰਜੀ. ਸ਼ੈਫੀ ਚਾਵਲਾ, ਰਿਸ਼ੀ ਅਰੋੜਾ ਸਮੇਤ ਸਮੂਹ ਸਟਾਫ ਵੀ ਹਾਜਰ ਸੀ।

## ਸਹਾਇਕ ਕਾਰਜਕਾਰੀ ਇੰਜੀਨੀਅਰ ਤਰਸੇਮ ਲਾਲ ਜੀ ਨੇ 66 ਕੇ ਵੀ ਸਬ ਸਟੇਸ਼ਨ ਬਿਲਗਾ ਦੇ ਐਸ ਡੀ ਓ ਦਾ ਚਾਰਜ ਸੰਭਾਲਿਆ

**ਬਿਲਗਾ (ਵਿਨੋਦ ਬੱਤਰਾ)** ਨਗਰ ਬਿਲਗਾ ਦੇ 66 ਕੇ ਵੀ ਸਬ ਸਟੇਸ਼ਨ ਦੇ ਐਸ ਡੀ ਓ ਸੁਖਦੇਵ ਸਿੰਘ ਦੇ ਰਿਟਾਇਰ ਹੋ ਜਾਣ ਤੇ ਸਹਾਇਕ ਕਾਰਜਕਾਰੀ ਇੰਜੀਨੀਅਰ ਤਰਸੇਮ ਲਾਲ ਜੀ ਇਹ ਅਹੁਦਾ ਸੰਭਾਲਿਆ ਹੈ।



ਇਸ ਤੋਂ ਪਹਿਲਾਂ ਉਹ ਆਦਮਪੁਰ ਵਿਖੇ ਡਿਊਟੀ ਨਿਭਾ ਰਹੇ ਸਨ ਉਥੋਂ ਬਦਲੀ ਹੋ ਜਾਣ ਤੇ ਉਨ੍ਹਾਂ ਨਗਰ ਬਿਲਗਾ ਵਿਖੇ ਬਤੌਰ ਐਸ ਡੀ ਓ ਚਾਰਜ ਸੰਭਾਲਿਆ ਹੈ। ਉਨ੍ਹਾਂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਪਾਵਰ ਕਾਰਪੋਰੇਸ਼ਨ ਲਿਮਟਿਡ ਦੀਆਂ ਹਦਾਇਤਾਂ ਅਨੁਸਾਰ ਉਹ ਆਪਣੀਆਂ ਸੇਵਾਵਾਂ ਪੂਰੀ ਲਗਨ ਤੇ ਇਮਾਨਦਾਰੀ ਨਾਲ ਦੇਣਗੇ। ਉਨ੍ਹਾਂ ਕੋਵਿਡ ਦੇ ਚਲਦਿਆਂ ਖਪਤਕਾਰਾਂ ਨੂੰ ਅਪੀਲ ਕੀਤੀ ਕਿ ਸਰਕਾਰ ਦੀਆਂ ਦਿੱਤੀਆਂ ਹਦਾਇਤਾਂ ਅਨੁਸਾਰ ਕਰੋਨਾ ਵਾਇਰਸ ਦੀ ਭਿਆਨਕ ਬਿਮਾਰੀ ਤੋਂ ਬਚਣ ਲਈ ਬਿਜਲੀ ਦੇ ਬਿੱਲਾਂ ਦਾ ਭੁਗਤਾਨ ਆਨਲਾਈਨ ਕੀਤਾ ਜਾਵੇ ਤਾਂ ਕਿ ਦਫਤਰ ਵਿਚ ਭੀੜ ਨਾ ਹੋਵੇ ਅਤੇ ਖਪਤਕਾਰ ਆਪਣੇ ਆਪ ਨੂੰ ਤੇ ਆਪਣੇ ਪਰਿਵਾਰ ਨੂੰ ਸੁਰੱਖਿਅਤ ਰੱਖ ਸਕਣ।

## ਸ਼੍ਰੀ ਗੁਰੂ ਅੰਗਦ ਦੇਵ ਜੀ ਦਾ ਪ੍ਰਕਾਸ਼ ਪੁਰਬ ਮਨਾਇਆ

**ਕਰਤਾਰਪੁਰ (ਜਸਵੰਤ ਵਰਮਾ, ਦਿਨੇਸ਼ ਕੁਮਾਰ)**ਸਾਹਿਬ ਸ੍ਰੀ ਗੁਰੂ ਅੰਗਦ ਦੇਵ ਜੀ ਦਾ ਪ੍ਰਕਾਸ਼ ਪੁਰਬ ਗੁਰਦੁਆਰਾ ਥੰਮ ਜੀ ਸਾਹਿਬ ਵਿਖੇ ਕਲਗੀਧਰ ਇਸਤਰੀ ਸਤਿਸੰਗ ਸਭਾ ਵਲੋ ਕਰਤਾਰਪੁਰ ਸਾਹਿਬ ਵਿਖੇ ਹਰ ਸਾਲ ਦੀ ਤਰਾਂ ਇਸ ਸਾਲ ਵੀ ਸਮੂਹ ਸੰਗ ਤਾਂ ਦੇ ਸਹਿਯੋਗ ਨਾਲ ਚੜਦੀ ਕਲਾ ਵਿੱਚ ਮਨਾਇਆ ਗਿਆ ਇਸ ਮੌਕੇ ਹਜ਼ੂਰੀ ਰਾਗੀ ਗੁਰਦੁਆਰਾ ਸਾਹਿਬ ਅਤੇ ਭਾਈ ਪੰਜਾਬ ਸਿੰਘ ਜੀ ਵਲੋ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਿਆ ਗਿਆ ਇਸ ਮੌਕੇ ਸੰਗਤਾਂ ਵਿਚ ਜੱਥੇਦਾਰ ਰਣਜੀਤ ਸਿੰਘ ਕਾਹਲੋਂ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਬੀਬੀ ਪਰਮਜੀਤ ਕੌਰ ਕੁਲਜੀਤ ਕੌਰ ਭਾਈ ਜਰਨੈਲ ਸਿੰਘ ਹਰਵਿੰਦਰ ਸਿੰਘ ਰਿੰਕੂ ਭਾਈ ਜਗਦੀਪ ਸਿੰਘ ਪਰਮਜੀਤ ਸਿੰਘ



ਮਨਜੀਤ ਕੌਰ ਗੁਰਦਿੱਤ ਸਿੰਘ ਹਰਵਿੰਦਰ ਸਿੰਘ ਗੁਰਨਾਮ ਕੌਰ ਸਮੂਹ ਇਸਤਰੀ ਸਤਸੰਗ ਸਭਾ ਅਤੇ ਸਮੂਹ ਸਿੰਘ ਸਭਾ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਕਰਵਾਇਆ ਗਿਆ ਕਰੋਨਾ ਮਹਾਮਾਰੀ ਕਰਕੇ ਇਸ ਸਮਾਗਮ ਨੂੰ ਸੰਖੇਪ ਵਿੱਚ ਹੀ ਕੀਤਾ ਗਿਆ।

# ਕਾਂਗਰਸ ਦੇ ਚੇਅਰਮੈਨ ਤੇ ਸਾਬਕਾ ਮੁਖਤਿਆਰ ਸਿੰਘ ਵੱਲੋਂ ਲੋਕਾਂ ਨੂੰ ਕਰੋਨਾ ਪ੍ਰਤੀ ਜਾਗਰੁਕ ਕੀਤਾ ਤੇ 5000 ਮਾਸਕ ਵੰਡੇ

**ਮੋਗਾ (ਰਵਿੰਦਰ ਬੁੱਟਰ ਤੇ ਸਿਮਰਜੀਤ ਕੌਰ)** ਅੱਜ ਮੋਗਾ ਜ਼ਿਲ੍ਹੇ ਦੇ ਪਿੰਡ ਬੁੱਟਰ ਕਲਾਂ ਵਿੱਚ ਯੂਥ ਕਾਂਗਰਸ ਦੇ ਚੇਅਰਮੈਨ ਧਰਮਪਾਲ ਸਿੰਘ ( ਪਾਲਾ) ਬੁੱਟਰ ਤੇ ਵਿੱਕੀ ਸਰਪੰਚ ਦੀ ਅਗਵਾਈ ਵਿਚ ਹਲਕਾ ਨਿਹਾਲ ਸਿੰਘ ਵਾਲਾ ਦੇ ਮੁੱਖ ਸੇਵਾਦਾਰ ਮੁਖਤਿਆਰ ਸਿੰਘ ਸਾਬਕਾ ਐਸ.ਪੀ.ਵਲੋ ਲੋਕਾਂ ਨੂੰ ਇਸ ਭਿਅੰਕਰ ਬਿਮਾਰੀ ਕਰੂਨਾ ਕੋਵਿਡ-19 ਤੋਂ ਬਚਣ ਲਈ ਜਾਗਰੂਕ ਕੀਤਾ ਅਤੇ 5000ਮਾਸਕ ਵੀ ਵੰਡੇ ਤੇ ਲੋਕਾਂ ਨੂੰ ਇਸ ਭਿਅੰਕਰ ਮਾਹਵਾਰੀ ਤੋਂ ਬਚਣ ਲਈ ਪੂਰੀ ਆ ਸਾਵਧਾਨੀਆ ਵਰਤਨ ਨੂੰ ਕਿਹਾ । ਜਿਵੇਂ ਕਿ ਸਾਰਿਆਂ ਨੂੰ ਮੂੰਹ ਤੇ ਮਾਸਕ ਪਾ ਕੇ ਰੱਖਣਾ, ਹੱਥਾਂ ਨੂੰ ਸੈਨੇਟਾਇਜਰਂ ਨਾਲ ਸਾਫ ਕਰਨਾ,ਹਰ ਵਿਅਕਤੀ ਨੂੰ ਦੂਸਰੇ ਵਿਅਕਤੀ ਤੋ ਤਿੰਨ ਫੁੱਟ ਦਾ ਫ਼ਾਸਲਾ ਬਣਾ ਕੇ ਰੱਖਣਾ, ਜ਼ਿਆਦਾ ਇਕੱਠ ਵਾਲੀ ਜਗ੍ਹਾ ਤੇ ਨਾ ਜਾਣਾ,ਵਗੈਰਾ ਸਾਵਧਾਨੀਆ ਵਰਤਨ ਨੂੰ ਕਿਹਾ ਤਾਂ ਜ਼ੋ ਅਸੀਂ ਸਭ ਰਲ਼ ਕੇ ਇਸ ਭਿਅੰਕਰ ਮਾਹਵਾਰੀ ਤੋਂ ਬਚ ਸਕੀਏ ਤੇ ਆਪਣੇ ਪਰਿਵਾਰਾਂ ਨੂੰ ਵੀ ਬਚਾ ਸਕੀਏ ਤੇ ਇਸ ਕਰੂਨਾ (ਕੋਵਿਡ-19)ਨਾਮ ਦੀ ਬਿਮਾਰੀ ਨੂੰ ਆਪਣੇ ਦੇਸ਼ ਵਿਚੋਂ ਖਤਮ ਕਰ ਸਕੀਏ।ਇਸ ਵਿੱਚ ਸਾਡਾ ਸਾਰਿਆਂ ਦਾ ਸਾਥ ਜ਼ਰੂਰੀ ਹੈ ਤੇ ਇਸ ਦੇ ਪ੍ਰਭਾਵ ਨੂੰ ਰੋਕਣ ਲਈ ਜ਼ਰੂਰੀ ਹੈ ਸਾਵਧਾਨੀਆ ਜ਼ੋ ਕਿ ਸਾਨੂੰ ਸਭ ਨੂੰ ਹੀ ਵਰਤਨੀਆ ਪੈਣੀਆਂ ਹਨ।ਤਾਂ ਜ਼ੋ ਇਹ ਬਿਮਾਰੀ ਸਾਡੇ ਤੇ ਸਾਡੇ ਪਰਿਵਾਰ ਤਕ ਨਾ ਪਹੁੰਚ ਸਕੇ। ਅਸੀਂ ਸਭ ਰਲ਼ ਕੇ ਆਪਣੇ ਆਪ ਨੂੰ ਤੇ ਆਪਣੇ ਪਰਿਵਾਰਾ ਨੂੰ ਤੰਦਰੁਸਤ ਰੱਖ ਸਕੀਏ।ਕੋਵਿਡ -19 ਨਾਲ ਲੜਣ ਵਾਸਤੇ ਸਾਨੂੰ ਪ੍ਰਸ਼ਾਸਨ ਦਾ ਵੀ ਪੂਰਾ ਸਾਥ ਦੇਣਾ ਚਾਹੀਦਾ ਹੈ ਤਾਂ ਜ਼ੋ ਕੋਈ ਵੀ ਵਿਅਕਤੀ ਇਸ ਭਿਅੰਕਰ ਮਾਹਵਾਰੀ ਦਾ ਸ਼ਿਕਾਰ ਨਾ ਹੋ ਸਕੇ। ਇਸ ਮੌਕੇ ਹਾਜ਼ਰ ਡਾਕਟਰ ਧਰਮਿੰਦਰ ਕੁਮਾਰ ਚੈਅਰਮੈਨ ਪ੍ਰੈਸ ਐਸੋਸੀਏਸ਼ਨ , ਰਵਿੰਦਰ ਕੁਮਾਰ ਜ਼ਿਲ੍ਹਾ ਪ੍ਰਧਾਨ





ਰਾਸ਼ਟਰੀ ਕ੍ਰਾਂਤੀਕਾਰੀ ਪ੍ਰੈਸ ਐਸੋਸੀਏਸ਼ਨ, ਸੁਰਜੀਤ ਸਿੰਘ ਸੀਤਾ,ਕਾਕਾ ਸਿੰਘ, ਕੁਲਵੰਤ ਸਿੰਘ, ਅਮਰਜੀਤ ਸਿੰਘ ਮੈਂਬਰ, ਰਣਜੀਤ ਸਿੰਘ, ਕੁਲਵਿੰਦਰ ਸਿੰਘ,ਰਾਮ ਸਿੰਘ, ਰਜਿੰਦਰ ਕੁਮਾਰ ਮੈਂਬਰ ਆਦਿ।

# ਕਿਰਤੀ ਕਿਸਾਨ ਯੂਨੀਅਨ ਦੀ ਅਗਵਾਈ ਹੇਠ ਸੈਂਕੜੇ ਲੋਕ ਦਿੱਲੀ ਅੰਦੋਲਨ ਨੂੰ ਮਜ਼ਬੂਤ ਕਰਨ ਲਈ ਹੋਏ ਰਵਾਨਾਂ

**ਬਿਲਗਾ (ਵਿਨੋਦ ਬੱਤਰਾ)** ਕਿਰਤੀ ਕਿਸਾਨ ਯੂਨੀਅਨ ਦੀ ਅਗਵਾਈ ਹੇਠ ਨਗਰ ਬਿਲਗਾ ਤੋਂ ਦਿੱਲੀ ਅੰਦੋਲਨ ਨੂੰ ਮਜ਼ਬੂਤ ਕਰਨ ਲਈ ਕਿਸਾਨਾ -ਮਜ਼ਦੂਰਾ ਦਾ ਕਾਫ਼ਲਾ ਬੱਸਾਂ ਲੈਕੇ ਦਿੱਲੀ ਬਾਰਡਰਾਂ ਨੂੰ ਰਵਾਨਾ ਹੋਇਆ । ਇਸ ਮੌਕੇ ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਸਕੱਤਰ ਮੱਖਣ ਸਿੰਘ ਕੰਦੋਲਾ ਅਤੇ ਸੁਰਜੀਤ ਸਿੰਘ ਸਮਰਾ ਨੇ ਕਿਹਾ ਕਿ ਕਣਕ ਦੀ ਵਾਢੀ ਕਰਨ ਤੋਂ ਬਾਅਦ ਵਿਹਲੇ ਹੋ ਕੇ ਪੰਜਾਬ ਭਰ 'ਚੋਂ ਕਿਸਾਨ ਪਹਿਲਾਂ 10 ਮਈ ਅਤੇ ਹੁਣ 12 ਮਈ ਵੱਡੇ ਕਾਫ਼ਲੇ ਬਣਾ ਕਿਰਤੀ ਕਿਸਾਨ ਯੂਨੀਅਨ ਅਤੇ ਸੰਯੁਕਤ ਕਿਸਾਨ ਮੋਰਚੇ ਦੀ ਅਗਵਾਈ ਹੇਠ ਦਿੱਲੀ ਅੰਦੋਲਨ ਨੂੰ ਤੇਜ਼ ਅਤੇ ਮਜ਼ਬੂਤ ਕਰਨ ਤੇ ਜਿੱਤ ਤੱਕ ਪਹਿਚਾਉਣ ਲਈ ਦਿੱਲੀ ਬਾਰਡਰਾਂ ਵੱਲ ਰਵਾਨਾਂ ਹੋ ਰਹੇ ਹਨ । ਉਨ੍ਹਾਂ ਕਿਹਾ ਕਿ ਮੋਦੀ ਸਰਕਾਰ ਵਲੋਂ ਬਣਾਏ ਲੋਕ ਵਿਰੋਧੀ ਕਾਲੇ ਕਾਨੂੰਨਾਂ ਨੂੰ ਰੱਦ ਕਿਰਾਏ ਬਿਨਾਂ ਲੋਕ ਪਿੱਛੇ ਨਹੀਂ ਹੱਟਣਗੇ ਤੇ ਜੇਕਰ ਸਰਕਾਰ ਨੂੰ ਦਿੱਲੀ ਬਾਰਡਰਾਂ 'ਤੇ ਬੈਠੇ ਕਿਸਾਨਾਂ ਦੀ ਜ਼ਿੰਦਗੀ ਦੀ ਫਿਕਰ ਹੈ ਤਾਂ ਜਲਦੀ ਕਾਨੂੰਨ ਰੱਦ ਕਰੇ ਤਾਂ ਜੋ ਲੋਕ ਆਪਣੇ ਘਰਾਂ ਨੂੰ ਵਾਪਿਸ ਪਰਤਣ। ਜੇਕਰ ਸਰਕਾਰ ਵਾਕਿਆ ਹੀ ਕਿਸਾਨ ਮਜ਼ਦੂਰਾਂ ਪ੍ਰਤੀ ਫ਼ਿਕਰਮੰਦ ਹੁੰਦੀ ਤਾਂ ਕਾਨੂੰਨ ਰੱਦ ਕਰਦੀ ਤੇ ਇਸ ਕਰੋਨਾ ਵਾਇਰਸ ਤੋਂ ਹਜ਼ਾਰਾਂ ਕਿਸਾਨਾਂ ਮਜ਼ਦੂਰਾਂ ਨੂੰ ਬਚਾਉਣ ਅਤੇ ਘਰਾਂ ਚ ਵਾਪਸ




ਪਰਤਣ ਦਾ ਰਾਹ ਖੋਲ ਸਕਦੀ ਸੀ। ਇਸ ਮੌਕੇ ਕਿਰਤੀ ਕਿਸਾਨ ਯੂਨੀਅਨ ਦੇ ਆਗੂ ਗੁਰਨਾਮ ਸਿੰਘ ਤੱਗੜ, ਮੰਗਤ ਸਿੰਘ ਨੱਤ, ਮੰਗਾਂ ਸ਼ਾਦੀਪੁਰ, ਪਰਮਾ ਲਾਲ ਕੈਂਥ, ਜਸਵੀਰ ਸ਼ੀਰਾ ਬਿਲਗਾ, ਬਲਿਹਾਰ ਕੌਰ, ਬਲਜੀਤ ਸਿੰਘ ਇਨ੍ਹਾਂ ਤੋਂ ਇਲਾਵਾ ਹੋਰ ਸਮੂਹ ਮੈਂਬਰ ਵੱਖ-ਵੱਖ ਪਿੰਡਾਂ ਦੇ ਲੋਕ ਹਾਜ਼ਰ ਸਨ।

# ਤੂੜੀ ਨਾਲ ਓਵਰ ਲੋਡ ਟਰਾਲੀਆਂ ਉੱਤੇ ਆਪਣਾ ਸ਼ਿਕੰਜਾ ਕੱਸੇ ਪੁਲਿਸ: ਸੁਭਾਸ਼

### ਕਿਹਾ ਓਵਰ ਲੋਡ ਟਰਾਲੀਆਂ ਕਾਰਨ ਰਾਹਗੀਰਾਂ ਨੂੰ ਕਰਨਾ ਪੈਂਦਾ ਹੈ ਭਾਰੀ ਮੁਸ਼ਕਿਲਾਂ ਦਾ ਸਾਹਮਣਾ

**ਮੁਕੇਰੀਆਂ/ ਹਾਜੀਪੁਰ(ਜਸਵੀਰ ਸਿੰਘ ਪੁਰੇਵਾਲ)** ਮੁਕੇਰੀਆਂ ਦੇ ਬਲਾਕ ਹਾਜੀਪੁਰ ਅਤੇ ਦਾਤਾਰਪੁਰ ਦੀਆਂ ਸੜਕਾਂ 'ਤੇ ਹਰ ਰੋਜ ਤੂੜੀ ਨਾਲ ਭਰੀਆਂ ਓਵਰਲੋਡ ਟਰੈਕਟਰ-ਟਰਾਲੀਆਂ ਸਾਨੂ ਅਕਸਰ ਹੀ ਸੜਕਾਂ' ਤੇ ਦਿਖਾਈ ਦਿੰਦੀਆਂ ਹਨ, ਜੋ ਰਾਹਗੀਰਾਂ ਲਈ ਪ੍ਰੇਸ਼ਾਨੀ ਦਾ ਕਾਰਨ ਵੀ ਬਣਦੀਆਂ ਹਨ ਇਹ ਵਿਚਾਰ ਨਸ਼ਾ ਮੁਕਤ ਕੰਡੀ ਸੰਘਰਸ਼ ਕਮੇਟੀ ਦੇ ਜ਼ਿਲਾਂ ਪ੍ਰਧਾਨ ਸੁਭਾਸ਼ ਚੰਦਰ, ਨੇ ਪੱਤਰਕਾਰਾਂ ਨਾਲ ਪ੍ਰਗਟ ਕੀਤੇ ਉਹਨਾਂ ਕਿਹਾ ਕਿ ਕਮਾਹੀਦੇਵੀ ਰੋਡ ਤੇ ਪੈਂਦੇ ਪਿੰਡ ਭਡੀਆਰਾ ਦਿਖਾਈ ਦੇ ਨੇੜੇ ਦੇਖਣ ਨੂੰ ਅਕਸਰ ਮਿਲ ਜਾਂਦੀਆਂ ਹਨ ਇਹਨਾਂ ਓਵਰਲੋਡ ਟਰਾਲੀਆ ਕਾਰਨ ਸੜਕ ' ਤੇ ਚਲਣ ਵਾਲੇ ਬਾਕੀ ਰਾਹਗੀਰਾਂ ਨੂੰ ਬਹੁਤ ਹੀ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ । ਇਹ ਟਰਾਲੀਆਂ ਪੂਰੇ ਤਰਾਂ ਤੂੜੀ ਨਾਲ ਤੂੰਨ ਤੂੰਨ ਕੇ ਭਰੀਆਂ ਹੁੰਦੀਆਂ ਹਨ ਅਤੇ ਇਹ ਪੂਰੀ ਤਰਾਂ ਕਪੜੇ ਨਾਲ ਢੱਕਿਆ ਹੋਣ ਕਰਕੇ ਪਿੱਛੇ ਚਲਣ ਵਾਲੇ ਮੋਟਰ ਸਾਇਕਲ ਜਾ ਫਿਰ ਹੋਰ ਵਾਹਨ ਚਾਲਕ ਆਪਣੀ ਮੰਜਿਲ ਵਲ ਜਾਣ ਨੂੰ ਕਾਹਲਾ ਹੁੰਦਾ ਹੈ ਜਾਂ ਫਿਰ ਉਸ ਪਿੱਛੇ ਕਾਈ ਵਾਰ ਕੋਈ ਬਿਮਾਰ ਵਿਅਕਤੀ ਜਾਂ ਫਿਰ ਮਰੀਜ਼ ਜੋ ਜਾਂ ਹਸਪਤਾਲ ਵਿੱਚ ਆਪਣਾ ਇਲਾਜ ਕਰਵਾਉਣ ਨੂੰ ਜਾ ਰਿਹਾ ਹੁੰਦਾ ਹੈ।ਕੋਈ ਵਾਰ ਇਹਨਾਂ ਟਰਾਲੀਆਂ ਕਰਕੇ ਕਿਸੇ ਨੂੰ ਸਮਾਂ ਰਹਿੰਦੇ ਹਸਪਤਾਲ ਵਿੱਚ ਨਾ ਪੂਜਣ



ਕਰਨ ਬਹੁਤ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ।ਸੁਭਾਸ਼ ਚੰਦਰ ਨੇ ਕਿਹਾ ਕਿ ਜੇਕਰ ਪੰਜਾਬ ਪੁਲਿਸ ਨੇ ਟੂੜੀ ਦੀਆਂ ਓਵਰਲੋਡ ਟਰਾਲੀਆਂ 'ਤੇ ਸਖਤ ਕਾਰਵਾਈ ਕੀਤੀ, ਜਾਵੇ ।ਉਹਨਾਂ ਕਿਹਾ ਕਿ ਇਹਨਾਂ ਓਵਰਲੋਡਿੰਗ ਟਰਾਲੀਆਂ ਤੇ ਕਾਰਵਾਈ ਕਰਕੇ ਤੋਂ ਅਨੇਕ ਲੋਕਾ ਨੂੰ ਇਹਨਾਂ ਨਾਲ ਹਾਦਸਿਆਂ ਦਾ ਸ਼ਿਕਾਰ ਹੋ ਕੇ ਆਪਣੀਆਂ ਕੀਮਤੀ ਜਾਨਾਂ ਗੁਆਣ ਵਾਲਿਆਂ ਨੂੰ ਇਹਨਾਂ ਹਾਦਸਿਆਂ ਤੋਂ ਬਚਾਇਆ ਜਾ ਸਕਦਾ ਹੈ।

# ਨਵਜੋਤ ਸਿੱਧੂ ਖਿਲਾਫ ਚਾਰ ਹੋਰ ਮੰਤਰੀਆਂ ਵੱਲੋਂ ਕਾਰਵਾਈ ਦੀ ਮੰਗ

**ਚੰਡੀਗੜ੍ਹ।** ਪੰਜਾਬ ਦੀਕਾਂਗਰਸ ਵਿੱਚ ਸਾਬਕਾ ਮੰਤਰੀ ਨਵਜੋਤਸਿੱਧੂਦੇ ਖ਼ਿਲਾਫ਼ ਆਵਾਜ਼ਾਂ ਵਧਣ ਲੱਗ ਪਈਆਂ ਹਨ। ਕੈਪਟਨ ਅਮਰਿੰਦਰ ਸਿੰਘ ਦੀ ਸਰਕਾਰ ਦੇ ਸੱਤ ਵਜ਼ੀਰ ਅੱਜ ਬੁੱਧਵਾਰ ਨੂੰਮੁੱਖ ਮੰਤਰੀ ਨਾਲ ਖੁੱਲ੍ਹ ਕੇ ਖੜੇ ਹੋ ਗਏ ਅਤੇ ਨਵਜੋਤ ਸਿੱਧੂਦੇ ਖ਼ਿਲਾਫ਼ ਅਨੁਸਾਸ਼ਨੀ ਕਾਰਵਾਈ ਦੀ ਮੰਗ ਕੀਤੀ ਹੈ।



ਚਾਰ ਮੰਤਰੀਆਂ ਬਲਬੀਰ ਸਿੰਘ ਸਿੱਧੂ, ਵਿਜੇ ਇੰਦਰ ਸਿੰਗਲਾ, ਭਾਰਤ ਭੂਸ਼ਣ ਆਸ਼ੂ ਅਤੇ ਗੁਰਪ੍ਰੀਤ ਸਿੰਘ ਕਾਂਗੜ ਨੇ ਸਾਂਝੇ ਬਿਆਨ ਵਿਚ ਕਿਹਾ ਕਿ ਸਿੱਧੂਐਵੇਂ ਭੜਕ ਕੇ ਪਿਛਲੇ ਕੁਝ ਦਿਨਾਂ ਤੋਂ ਕੈਪਟਨ ਅਮਰਿੰਦਰ ਸਿੰਘਦੇ ਖਿਲਾਫ ਚਾਂਦਮਾਰੀ ਕਰ ਕੇ ਕਾਂਗਰਸ ਲਈ ਤਬਾਹੀ ਦਾ ਸੱਦਾ ਦੇ ਰਹੇ ਹਨ। ਉਨ੍ਹਾਂ ਕਿਹਾ ਕਿ ਨਵਜੋਤਸਿੱਧੂ ਅਤੇ ਆਮ ਆਦਮੀ ਪਾਰਟੀ ਜਾਂ ਭਾਰਤੀ ਜਨਤਾ ਪਾਰਟੀ ਵਿਚਾਲੇ ਮਿਲੀਭੁਗਤ ਨੂੰ ਰੱਦ ਨਹੀਂ ਕੀਤਾ ਜਾ ਸਕਦਾ। ਚਾਰਾਂ ਮੰਤਰੀਆਂ ਨੇ ਕਿਹਾ ਕਿ ਮੁੱਖ ਮੰਤਰੀ ਉੱਤੇ ਨਿਸ਼ਾਨਾ ਲਾ ਕੇ ਇਹ ਹਮਲੇਪੰਜਾਬ ਵਿਚ ਆਪਣਾ ਚੋਣ ਏਜੰਡਾ ਅੱਗੇ ਵਧਾਉਣ ਨਾਲ ਕਾਂਗਰਸ ਵਿਚ ਸਮੱਸਿਆ ਪੈਦਾ ਕਰਨ ਲਈ ਨਵਜੋਤ ਸਿੱਧੂ ਤੋਂ ਆਮ ਆਦਮੀ ਪਾਰਟੀ ਜਾਂ ਭਾਜਪਾ ਆਗੂਆਂ ਵੱਲੋਂਕਰਵਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਜਿਸ ਤਰ੍ਹਾਂਸਿੱਧੂਨੇਰਾਜ ਸਰਕਾਰਅਤੇ ਖ਼ਾਸ ਕਰਕੇ ਕੈਪਟਨ ਅਮਰਿੰਦਰ ਸਿੰਘ ਖ਼ਿਲਾਫ਼ ਹਮਲਾਵਰ ਮੁਹਿੰਮ ਸ਼ੁਰੂ ਕੀਤੀ ਹੈ, ਉਸ ਤੋਂ ਸਾਜਿਸ਼ ਦਾ ਕਿਸੇ ਅਨੁਮਾਨ ਲੱਗ ਸਕਦਾ ਹੈ।

ਨਵਜੋਤ ਸਿੰਘ ਸਿੱਧੂ ਦੀ ਦੀਆਂ ਕਾਰਵਾਈਆਂ ਨੂੰ ਪੂਰੀ ਤਰ੍ਹਾਂ ਅਨੁਸ਼ਾਸਨਹੀਣਤਾਕਹਿ ਕੇ ਇਨ੍ਹਾਂ ਚਾਰ ਮੰਤਰੀਆਂ ਨੇ ਕਿਹਾ ਕਿ ਅਜਿਹੀਆਂ ਪਾਰਟੀ ਵਿਰੋਧੀ ਸਰਗਰਮੀਆਂ ਕਿਸੇ ਵੀ ਪਾਰਟੀ ਵੱਲੋਂ ਬਰਦਾਸ਼ਤ ਨਹੀਂ ਕੀਤੀਆਂ ਜਾਂਦੀਆਂ ਤੇ ਉਹ ਵੀ ਓਦੋਂ, ਜਦੋਂ ਸੂਬੇ ਵਿਚ ਚੋਣਾਂ ਹੋਣ ਵਾਲੀਆਂ ਹਨ। ਉਨ੍ਹਾਂ ਕਿਹਾ ਸਿੱਧੂ ਨੂੰ ਸਸਪੈਂਡ ਕਰ ਦੇਣਾ ਚਾਹੀਦਾ ਹੈ ਅਤੇ ਜੇ ਉਹ ਕੱਢੇ ਨਾ ਗਏ ਤਾਂ ਪੰਜਾਬ ਕਾਂਗਰਸ ਵਿਚ ਉਨ੍ਹਾਂ ਦੀ ਮੌਜੂਦਗੀ ਇਸ ਪਾਰਟੀ ਦੀ ਸੂਬਾ ਇਕਾਈ ਵਿਚ ਗੜਬੜ ਪੈਦਾ ਕਰਦੀ ਰਹੇਗੀ ਅਤੇ ਚੋਣਾਂ ਦੀ ਤਿਆਰੀ ਵੱਲੋਂ ਧਿਆਨ ਭਟਕੇਗਾ। ਮੰਤਰੀਆਂ ਨੇ ਕਿਹਾ ਕਿ ਸਿੱਧੂਸਾਫ ਤੌਰ ਉੱਤੇ ਆਪਣੇ ਨਿੱਜ ਲਈ ਬੱਲੇਬਾਜ਼ੀ ਕਰਦੇ ਜਾਪਦੇ ਹਨ ਅਤੇ ਉਨ੍ਹਾਂ ਵਿਚ ਟੀਮ ਭਾਵਨਾ ਦੀ ਘਾਟ ਹੈ।

# ਕੈਨੇਡਾ ਨੇ ਦਿੱਤੀ ਚੇਤਾਵਨੀ, ਤੇਲ ਲਾਈਨ ਬੰਦ ਕਰਨ ਸਦਕਾ ਅਮਰੀਕਾ ਨਾਲ ਸਬੰਧ ਪੈ ਸਕਦੇ ਹਨ ਕਮਜ਼ੋਰ

**ਵਾਸ਼ਿੰਗਟਨ।** ਮਿਸ਼ੀਗਨ ਵੱਲੋਂ ਕੱਚੇ ਤੇਲ ਵਾਲੀ ਇੱਕ ਅਹਿਮ ਪਾਈਪਲਾਈਨ ਨੂੰ ਬੰਦ ਕਰਨ ਲਈ ਮਿਥੀ ਗਈ ਡੈੱਡਲਾਈਨ ਤੋਂ ਇੱਕ ਦਿਨ ਪਹਿਲਾਂ ਮੰਗਲਵਾਰ ਨੂੰ ਕੈਨੇਡਾ ਵੱਲੋਂ ਇੱਕ ਸਖ਼ਤ ਟਿੱਪਣੀ ਜਾਰੀ ਕੀਤੀ ਗਈ ਜਿਸ ਵਿੱਚ ਲਿਖਿਆ ਗਿਆ ਕਿ ਇਸ ਨਾਲ ਦੋਵਾਂ ਮੁਲਕਾਂ ਦੇ ਸਬੰਧ ਕਮਜ਼ੋਰ ਪੈ ਸਕਦੇ ਹਨ। ਇਸ ਟਿੱਪਣੀ ਨੂੰ ਜੇ ਚੇਤਾਵਨੀ ਆਖਿਆ ਜਾਵੇ ਤਾਂ ਅਤਿਕਥਨੀ ਨਹੀਂ ਹੋਵੇਗੀ।ਕੈਨੇਡੀਅਨ ਕੰਪਨੀ ਐਨਬ੍ਰਿੱਜ ਇੰਕ·, ਮਿਸ਼ੀਗਨ ਤੇ ਅਮਰੀਕਾ ਦੇ ਇਸ ਫੈਸਲੇ ਦੀ ਹਮਾਇਤ ਕਰ ਰਹੇ ਐਨਵਾਇਰਮੈਂਟਲ ਗਰੁੱਪਜ਼, ਖਿਲਾਫ ਕਾਨੂੰਨੀ ਜੰਗ ਵਿੱਢਣ ਦੀ ਤਿਆਰੀ ਕਰ ਰਹੀ ਹੈ।ਇਹ ਪਾਈਪਲਾਈਨ ਮੈਕੀਨੈਕ ਦੇ ਪਾਣੀਆਂ ਥੱਲਿਓਂ ਲੰਘਦੀ ਹੈ ਤੇ ਇਸ ਨੂੰ ਲਾਈਨ 5 ਆਖਿਆ ਜਾਂਦਾ ਹੈ। ਕੈਨੇਡੀਅਨ ਸਰਕਾਰ ਇਸ ਮਾਮਲੇ ਵਿੱਚ ਐਨਬ੍ਰਿੱਜ ਦੀ ਪਿੱਠ ਥਾਪੜਨ ਵਾਸਤੇ ਦਖਲ ਦੇ ਰਹੀ ਹੈ। ਕੈਨੇਡੀਅਨ ਸਰਕਾਰ ਵੱਲੋਂ ਅਮਰੀਕਾ ਦੀ ਫੈਡਰਲ ਅਦਾਲਤ ਵਿੱਚ ਫਾਈਲ ਕੀਤੇ ਗਏ ਆਪਣੇ ਪੱਖ ਵਿੱਚ ਆਖਿਆ ਗਿਆ ਹੈ ਕਿ 1977 ਦੀ ਕੈਨੇਡਾ-ਯੂਐਸ ਪਾਈਪਲਾਈਨ ਸੰਧੀ ਤਹਿਤ ਦੋਵਾਂ ਦੇਸ਼ਾਂ ਦਰਮਿਆਨ ਤੇਲ ਦੇ ਮੁਕਤ ਵਹਾਅ ਦੀ ਗਾਰੰਟੀ ਦਿੱਤੀ ਗਈ ਸੀ ਤੇ ਇਸ ਦੇ ਮੱਦੇਨਜ਼ਰ ਮਿਸ਼ੀਗਨ ਨੂੰ ਇੱਕਤਰਫਾ ਕਾਰਵਾਈ ਕਰਨ ਦਾ ਕੋਈ ਅਧਿਕਾਰ ਨਹੀਂ ਹੈ। ਓਟਵਾ ਨੇ ਇਹ ਵੀ ਆਖਿਆ ਕਿ ਇਸ ਮਾਮਲੇ ਨਾਲ ਇਤਿਹਾਸਕ ਢਾਂਚੇ, ਜਿਸ ਉੱਤੇ ਕਈ ਪੀੜ੍ਹੀਆਂ ਤੋਂ ਅਮਰੀਕਾ ਤੇ ਕੈਨੇਡਾ ਦੇ ਸਬੰਧ ਸਫਲਤਾਪੂਰਬਕ ਚੱਲ ਰਹੇ ਹਨ, ਦੀ ਸਾਰਥਕਤਾ ਦੇ ਸਬੰਧ ਵਿੱਚ ਚਿੰਤਾ ਵੀ ਖੜ੍ਹੀ ਹੁੰਦੀ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਲਾਈਨ 5 ਰਾਹੀਂ ਰੋਜ਼ਾਨਾ 540,000 ਬੈਰਲ ਤੇਲ ਪੱਛਮੀ ਕੈਨੇਡਾ ਤੋਂ ਓਨਟਾਰੀਓ, ਕਿਊਬਿਕ, ਮਿਸ਼ੀਗਨ, ਓਹਾਇਓ ਤੇ ਇੰਡੀਆਨਾ ਪਹੁੰਚਦਾ ਹੈ। ਇਹ ਵੀ ਕਨਸੋਆਂ ਹਨ ਕਿ ਕੈਨੇਡਾ ਵਿੱਚ ਇਹ ਚੋਣਾਂ ਦਾ ਵਰ੍ਹਾ ਹੋਣ ਕਾਰਨ ਇਸ ਪਾਈਪਲਾਈਨ ਨੂੰ ਚੱਲਦਾ ਰੱਖਣ ਲਈ ਕੈਨੇਡਾ ਵਾਸ਼ਿੰਗਟਨ ਵਿੱਚ ਲੌਬਿੰਗ ਕਰ ਰਿਹਾ ਹੈ। ਪਰ ਵਾਈਟ ਹਾਊਸ ਇਸ ਮਾਮਲੇ ਵਿੱਚ ਚੁੱਪ ਧਾਰੀ ਬੈਠਾ ਹੈ।

# ਸਰਕਾਰੀ ਸਨਮਾਨਾ ਨਾਲ ਹੋਇਆ ਸਾਬਕਾ ਕੈਬਨਿਟ ਮੰਤਰੀ ਇੰਦਰਜੀਤ ਸਿੰਘ ਜ਼ੀਰਾ ਦਾ ਅੰਤਿਮ ਸੰਸਕਾਰ

● ਕੈਬਨਿਟ ਮੰਤਰੀ ਤ੍ਰਿਪਤ ਰਾਜਿੰਦਰ ਸਿੰਘ ਬਾਜਵਾ, ਸੁਖਜਿੰਦਰ ਸਿੰਘ ਰੰਧਾਵਾ, ਸੁਖਬਿੰਦਰ ਸਿੰਘ ਸਰਕਾਰੀਆ ਸਮੇਤ ਜ਼ਿਲ੍ਹਾ ਪ੍ਰਸ਼ਾਸਨ ਨੇ ਦਿੱਤੀ ਸ਼ਰਧਾਂਜਲੀ

● ਬਸਤੀ ਬੂਟੇ ਵਾਲੀ ਜ਼ੀਰਾ ਸਥਿਤ ਸ਼ਮਸ਼ਾਨ ਘਾਟ ਵਿਖੇ ਦਿੱਤੀ ਅੰਤਿਮ ਵਿਧਾਈ





**ਫ਼ਿਰੋਜ਼ਪੁਰ ( ਅਸ਼ੋਕ ਭਾਰਦਵਾਜ)** ਸੀਨੀਅਰ ਕਾਂਗਰਸੀ ਨੇਤਾ ਅਤੇ ਸਾਬਕਾ ਕੈਬਿਨਟ ਮੰਤਰੀ ਸ੍ਰ: ਇੰਦਰਜੀਤ ਸਿੰਘ ਜੀਰਾ ਦਾ ਬੁੱਧਵਾਰ ਨੂੰ ਬਸਤੀ ਬੂਟੇ ਵਾਲੀ ਜ਼ੀਰਾ ਸਥਿਤ ਸ਼ਮਸ਼ਾਨ ਘਾਟ ਵਿਖੇ ਸਰਕਾਰੀ ਸਨਮਾਨਾ ਦੇ ਨਾਲ ਅੰਤਿਮ ਸੰਸਕਾਰ ਕੀਤਾ ਗਿਆ। ਉਹ 63 ਸਾਲ ਦੇ ਸਨ ਅਤੇ ਆਪਣੇ ਪਿੱਛੇ ਪਤਨੀ ਅਤੇ ਦੋ ਪੁੱਤਰ ਛੱਡ ਗਏ ਹਨ। ਇਸ ਤੋਂ ਪਹਿਲਾਂ ਸ਼ਮਸ਼ਾਨ ਘਾਟ ਵਿਖੇ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਵੱਲੋਂ ਪੇਂਡੂ ਵਿਕਾਸ ਅਤੇ ਪੰਚਾਇਤਾ, ਸ੍ਰੀ ਤ੍ਰਿਪਤ ਰਾਜਿੰਦਰ ਸਿੰਘ ਬਾਜਵਾ ਨੇ ਉਨ੍ਹਾਂ ਦੀ ਮ੍ਰਿਤਕ ਦੇਹ ਤੇ ਸ਼ਰਧਾ ਦੇ ਫੁੱਲ ਭੇਟ ਕੀਤੇ। ਇਸ ਤੋਂ ਇਲਾਵਾ ਕੈਬਨਿਟ ਮੰਤਰੀ ਸ੍ਰੀ ਸੁਖਬਿੰਦਰ ਸਿੰਘ ਸਰਕਾਰੀਆਂ ਅਤੇ ਸ੍ਰੀ ਸੁਖਜਿੰਦਰ ਸਿੰਘ ਰੰਧਾਵਾ, ਵਿਧਾਇਕ ਫਿਰੋਜ਼ਪੁਰ ਸ਼ਹਿਰੀ ਪਰਮਿੰਦਰ ਸਿੰਘ ਪਿੰਕੀ, ਵਿਧਾਇਕ ਫਾਜ਼ਿਲਕਾ ਦਵਿੰਦਰ ਘੁਬਾਇਆ, ਵਿਧਾਇਕ ਗੁਰਦਾਸਪੁਰ ਬਰਿੰਦਰਮੀਤ ਸਿੰਘ ਪਾਹੜਾ, ਵਿਧਾਇਕ ਮੋਗਾ ਡਾ. ਹਰਜੋਤ ਕਮਲ, ਸਾਬਕਾ ਸਾਸੰਦ ਸ਼ੇਰ ਸਿੰਘ ਘੁਬਾਇਆ, ਡੀ.ਆਈ.ਜੀ ਫਿਰੋਜ਼ਪੁਰ ਰੇਂਜ ਹਰਦੇਵ ਸਿੰਘ ਮਾਨ, ਡਿਪਟੀ ਕਮਿਸ਼ਨਰ ਸ੍ਰ: ਗੁਰਪਾਲ ਸਿੰਘ ਚਾਹਲ, ਐਸਐਸਪੀ ਸ੍ਰੀ ਭਾਗੀਰਥ ਮੀਨਾ ਅਤੇ ਐਸਡੀਐਮਜ਼ ਵੱਲੋਂ ਸ਼ਰਧਾਂਜਲੀ ਭੇਟ ਕੀਤੀ ਗਈ। ਇਸ ਤੋਂ ਬਾਅਦ ਪੰਜਾਬ ਪੁਲਿਸ ਦੇ ਜਵਾਨਾਂ ਵੱਲੋਂ ਹਵਾ ਵਿੱਚ ਫਾਇਰ ਕਰ ਕੇ ਸਲਾਮੀ ਭੇਟ ਕੀਤੀ ਗਈ। ਚਿਤਾ ਨੂੰ ਮੁੱਖ ਅਗਨੀ ਉਨ੍ਹਾਂ ਦੇ ਪੁੱਤਰ ਮੌਜੂਦਾ ਵਿਧਾਇਕ ਜ਼ੀਰਾ ਕੁਲਬੀਰ ਸਿੰਘ ਜੀਰਾ ਨੇ ਦਿੱਤੀ।ਇੰਦਰਜੀਤ ਸਿੰਘ ਜੀਰਾ ਦੇ ਦਿਹਾਂਤ ਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾ ਨਾਲ ਦਿਲੀ ਹਮਦਰਦੀ ਜਾਹਿਰ ਕਰਦੇ ਹੋਏ ਚੰਡੀਗੜ ਵਿਖੇ ਇੱਕ ਸ਼ੋਕ ਸੰਦੇਸ਼ ਰਾਹੀਂ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਨੇ ਕਿਹਾ ਕਿ ਇੰਦਰਜੀਤ ਸਿੰਘ ਜੀਰਾ ਚੰਗੇ ਗੁਣਾਂ ਦੇ ਧਾਰਨੀ ਇਨਸਾਨ ਅਤੇ ਭੱਦਰਪੁਰਸ਼ ਸਿਆਸਤਦਾਨ ਸਨ। ਉਨ੍ਹਾਂ ਨੇ ਸਮਾਜ ਦੇ ਸਾਰੇ ਵਰਗਾਂ ਦੀ ਭਲਾਈ ਖਾਸ ਕਰ ਕੇ ਕਿਸਾਨਾਂ ਅਤੇ ਖੇਤ ਕਾਮਿਆਂ ਦੀ ਰਾਖੀ ਲਈ ਅਨਥੱਕ ਕਾਰਜ ਕੀਤੇ। ਉਨ੍ਹਾਂ ਕਿਹਾ ਕਿ ਮਾਲਵਾ ਖੇਤਰ ਦੇ ਸਰਬਪੱਖੀ ਵਿਕਾਸ ਲਈ ਉਨ੍ਹਾਂ ਦੀਆਂ ਸ਼ਾਨਦਾਰ ਸੇਵਾਵਾਂ ਨੂੰ ਹਮੇਸ਼ਾ ਚੇਤੇ ਰੱਖਿਆ ਜਾਵੇਗਾ। ਉਨ੍ਹਾਂ ਨੇ ਅਕਾਲ ਪੁਰਖ ਅੱਗੇ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿਚ ਸਦੀਵੀ ਨਿਵਾਸ ਦੇਣ ਅਤੇ ਪਿੱਛੇ ਪਰਿਵਾਰਕ ਮੈਂਬਰਾ ਨੂੰ ਦੁੱਖ ਦੀ ਇਸ ਘੜੀ ਵਿਚ ਭਾਨਾ ਮੰਨਣ ਦੀ ਅਰਦਾਸ ਕੀਤੀ। ਸੰਸਕਾਰ ਦੌਰਾਨ ਮੌਜੂਦ ਰਾਜਨਿਤੀਕ ਸਮਾਜਿਕ ਅਤੇ ਧਾਰਮਿਕ ਸ਼ਖਸੀਅਤਾਂ ਨੇ ਉਨ੍ਹਾਂ ਦੇ ਬੇਟੇ ਸ. ਕੁਲਬੀਰ ਸਿੰਘ ਜ਼ੀਰਾ ਵਿਧਾਇਕ ਜ਼ੀਰਾ ਸਮੇਤ ਸਮੂਹ ਪਰਿਵਾਰ ਤੇ ਰਿਸ਼ਤੇਦਾਰਾਂ ਨਾਲ ਆਪਣਾ ਦੁੱਖ ਸਾਂਝਾ ਕਰਦੇ ਹੋਏ ਕਿਹਾ ਕਿ ਇਸ ਦੁੱਖ ਦੀ ਘੜੀ ਵਿਚ ਉਹ ਉਨ੍ਹਾਂ ਦੇ ਨਾਲ ਹਨ। ਉਨ੍ਹਾਂ ਪ੍ਰਮਾਤਮਾ ਅੱਗੇ ਪਰਿਵਾਰ ਨੂੰ ਭਾਣਾ ਮੰਨਣ ਦੀ ਅਰਦਾਸ ਵੀ ਕੀਤੀ।ਉਨ੍ਹਾਂ ਦੇ ਪੁੱਤਰ ਵਿਧਾਇਕ ਜ਼ੀਰਾ ਸ. ਕੁਲਬੀਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੇ ਪਿਤਾ ਪਿਛਲੇ 3 ਮਹੀਨਿਆਂ ਤੋਂ ਬਿਮਾਰ ਚੱਲ ਰਹੇ ਸਨ ਅਤੇ ਉਨ੍ਹਾਂ ਦਾ ਇਲਾਜ ਆਈ.ਵੀ.ਵਾਈ. ਹਸਪਤਾਲ ਮੋਹਾਲੀ ਵਿਖੇ ਚੱਲ ਰਿਹਾ ਸੀ। ਅੰਤਿਮ ਸੰਸਕਾਰ ਮੌਕੇ ਐਸਡੀਐਮ ਫਿਰੋਜ਼ਪੁਰ ਅਮਿਤ ਗੁਪਤਾ, ਐਸਡੀਐਮ ਜ਼ੀਰਾ ਰਣਜੀਤ ਸਿੰਘ, ਐਸਡੀਐਮ ਗੁਰੂਹਰਸਹਾਏ ਰਵਿੰਦਰ ਸਿੰਘ ਅਰੋੜਾ ਤੋਂ ਇਲਾਵਾ ਹਲਕਾ ਨਿਵਾਸੀ ਵੀ ਮੌਜੂਦ ਸਨ।

## ਸਵੇਰੇ 7:30 ਤੋਂ ਸ਼ਾਮ 3:30 ਤੱਕ ਖੁੱਲ੍ਹਣਗੇ ਸੇਵਾ ਕੇਂਦਰ- ਵਧੀਕ ਡਿਪਟੀ ਕਮਿਸ਼ਨਰ

**ਫਿਰੋਜ਼ਪੁਰ (ਅਸ਼ੋਕ ਭਾਰਦਵਾਜ)** ਵਧੀਕ ਡਿਪਟੀ ਕਮਿਸ਼ਨਰ ਮੈਡਮ ਰਾਜਦੀਪ ਕੌਰ ਨੇ ਦੱਸਿਆ ਕਿ ਕਰੋਨਾ ਵਾਇਰਸ ਦੇ ਚੱਲਦਿਆਂ ਸੇਵਾ ਕੇਂਦਰਾਂ ਦੇ ਕੰਮਕਾਜ ਦੇ ਸਮੇਂ ਵਿੱਚ ਕੁਝ ਤਬਦੀਲੀ ਲਿਆਂਦੀ ਗਈ ਹੈ। ਉਨ੍ਹਾਂ ਦੱਸਿਆ ਕਿ 13 ਮਈ 2021 ਤੋਂ ਸੇਵਾ ਕੇਂਦਰਾਂ ਦੇ ਕੰਮਕਾਜ ਦਾ ਸਮਾਂ ਤਬਦੀਲ ਕਰਕੇ ਸਵੇਰੇ 7:30 ਤੋਂ ਸ਼ਾਮ 3:30 ਦਾ ਕਰ ਦਿੱਤਾ ਗਿਆ ਹੈ। ਵਧੀਕ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਲੋਕਾਂ ਦੀ ਜਾਣਕਾਰੀ ਹਿੱਤ ਦੱਸਿਆ ਜਾਂਦਾ ਹੈ 13 ਮਈ 2021 ਤੋਂ ਕਰੋਨਾ ਵਾਇਰਸ ਦੇ ਫੈਲਾਅ ਨੂੰ ਰੋਕਣ ਲਈ ਸੇਵਾ ਕੇਂਦਰਾਂ ਦਾ ਸਮਾਂ ਸਵੇਰੇ 7:30 ਤੋਂ ਸ਼ਾਮ 3:30 ਦਾ ਕਰ ਦਿੱਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਇਸ ਦੌਰਾਨ ਕਰਮਚਾਰੀਆਂ ਅਤੇ ਹੋਰ ਆਮ ਲੋਕ ਜੋ ਵੀ ਆਪਣੇ ਕੰਮ ਲਈ ਸੇਵਾ ਕੇਂਦਰਾਂ ਵਿੱਚ ਆਉਂਦੇ ਹਨ ਉਹ ਕੋਵਿਡ 19 ਪ੍ਰਤੀ ਆਪਣੀਆਂ ਪੂਰੀਆਂ ਸਾਵਧਾਨੀਆਂ ਵਰਤਣ। ਉਨ੍ਹਾਂ ਕਿਹਾ ਕਿ ਇਸ ਦੌਰਾਨ ਮਾਸਕ ਪਹਿਨਣ, ਸਮਾਜਿਕ ਦੂਰੀ ਦਾ ਖਾਸ ਖਿਆਲ ਰੱਖਿਆ ਜਾਵੇ। ਉਨ੍ਹਾਂ ਸੇਵਾ ਕੇਂਦਰਾਂ ਦੇ ਕਰਮਚਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਲੋਕਾਂ ਨੂੰ ਕਿਸੇ ਵੀ ਕਿਸਮ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ ਅਤੇ ਕੋਵਿਡ ਦੀਆਂ ਸਾਵਧਾਨੀਆਂ ਦੀ ਪਾਲਣਾ ਯਕੀਨੀ ਬਣਾਈ ਜਾਵੇ।

## ਇੱਕ ਵਿਅਕਤੀ ਅਤੇ ਉਸ ਦੇ ਪਰਿਵਾਰ ਦੀ ਕੁੱਟਮਾਰ ਕਰਨ ਦੇ ਵਿਰੁੱਧ 4 ਦੋਸ਼ੀਆਂ ਦੇ ਖਿਲਾਫ ਹੋਇਆ ਮੁਕੱਦਮਾ ਦਰਜ

**ਫਿਰੋਜ਼ਪੁਰ (ਅਸ਼ੋਕ ਭਾਰਦਵਾਜ )** ਥਾਣਾ ਘੱਲਖੁਰਦ ਦੇ ਅਧੀਨ ਆਉਂਦੇ ਪਿੰਡ ਸੋਢੀ ਨਗਰ ਵਿਖੇ ਘਰੇਲੂ ਝਗੜੇ ਦੇ ਚੱਲਦਿਆਂ ਇਕ ਵਿਅਕਤੀ ਅਤੇ ਉਸ ਦੇ ਪਰਿਵਾਰ ਦੀ ਕੁੱਟਮਾਰ ਕਰਕੇ ਜ਼ਖਮੀਂ ਕਰਨ ਦੇ ਦੋਸ਼ ਵਿਚ ਪੁਲਿਸ ਨੇ 4 ਵਿਅਕਤੀਆਂ ਖਿਲਾਫ 452, 324, 323, 34 ਆਈਪੀਸੀ ਤਹਿਤ ਮਾਮਲਾ ਦਰਜ ਕੀਤਾ ਹੈ। ਪੁਲਿਸ ਨੂੰ ਦਿੱਤੇ ਬਿਆਨਾਂ ਵਿਚ ਚੰਨ ਪੁੱਤਰ ਨਵਾਬ ਵਾਸੀ ਸੋਢੀ ਨਗਰ ਨੇ ਦੱਸਿਆ ਕਿ ਉਨ੍ਹਾਂ ਦਾ ਚਾਰ ਵਿਅਕਤੀਆਂ ਨਾਲ ਘਰੇਲੂ ਝਗੜਾ ਚੱਲ ਰਿਹਾ ਹੈ। ਚੰਨ ਸਿੰਘ ਨੇ ਦੱਸਿਆ ਕਿ ਦੋਸ਼ੀਅਨ ਰੁਸਤਮ ਪੁੱਤਰ ਸਨਜੀਤ, ਅਕਾਸ਼ ਪੁੱਤਰ ਸਨਜੀਤ, ਸਨਜੀਤ ਪੁੱਤਰ ਤਾਰਾ ਮਸੀਹ ਅਤੇ ਕਰਮਪ੍ਰੀਤ ਵਾਸੀਅਨ ਸੋਢੀ ਨਗਰ ਜੋ ਉਸ ਦੇ ਸਹੁਰੇ ਪਰਿਵਾਰ ਹਨ ਤੇ ਜਿਨ੍ਹਾਂ ਨਾਲ ਰਾਜਨੀਮੇ ਦੀ ਗੱਲ ਚੱਲਦੀ ਰਹੀ ਹੈ। ਚੰਨ ਨੇ ਦੱਸਿਆ ਕਿ ਦੋਸ਼ੀਅਨ ਨੇ ਹਮਮਸ਼ਵਰਾ ਹੋ ਕੇ ਉਸ ਦੇ ਘਰ ਜਾ ਕੇ ਉਸ ਦੇ ਪਰਿਵਾਰ ਦੀ ਕੁੱਟਮਾਰ ਕੀਤੀ ਤੇ ਉਸ ਦੇ ਕਾਪੇ ਨਾਲ ਸੱਟਾਂ ਮਾਰੀਆਂ। ਚੰਨ ਨੇ ਦੱਸਿਆ ਕਿ ਲੋਕਾਂ ਵੱਲੋਂ ਰੌਲਾ ਪਾਉਣ ਤੇ ਲੋਕ ਇਕੱਠੇ ਹੋ ਗਏ ਤੇ ਦੋਸ਼ੀਅਨ ਮੌਕੇ ਤੋਂ ਹਥਿਆਰਾਂ ਸਮੇਤ ਭੱਜ ਗਏ। ਇਸ ਮਾਮਲੇ ਦੀ ਜਾਂਚ ਕਰ ਰਹੇ ਏਐੱਸਆਈ ਹਰਜਿੰਦਰ ਸਿੰਘ ਨੇ ਦੱਸਿਆ ਕਿ ਪੁਲਿਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਉਕਤ ਦੋਸ਼ੀਅਨ ਖਿਲਾਫ ਮਾਮਲਾ ਦਰਜ ਕਰ ਲਿਆ ਗਿਆ ਹੈ।

## ਸਵਾ 9 ਬੋਤਲਾਂ ਨਾਜਾਇਜ਼ ਸ਼ਰਾਬ ਸਮੇਤ ਇੱਕ ਵਿਅਕਤੀ ਗ੍ਰਿਫਤਾਰ, ਹੋਇਆ ਮੁਕੱਦਮਾ ਦਰਜ

**ਫਿਰੋਜ਼ਪੁਰ (ਅਸ਼ੋਕ ਭਾਰਦਵਾਜ )** ਥਾਣਾ ਸਦਰ ਫਿਰੋਜ਼ਪੁਰ ਦੀ ਪੁਲਿਸ ਨੇ ਗਸ਼ਤ ਅਤੇ ਛਾਪੇਮਾਰੀ ਦੌਰਾਨ ਸਵਾ 9 ਬੋਤਲਾਂ ਨਾਜਾਇਜ਼ ਸ਼ਰਾਬ ਸਮੇਤ ਇਕ ਵਿਅਕਤੀ ਨੂੰ ਗ੍ਰਿਫਤਾਰ ਕਰਕੇ ਉਸ ਖਿਲਾਫ ਆਬਕਾਰੀ ਐਕਟ ਤਹਿਤ ਮਾਮਲਾ ਦਰਜ ਕਰ ਲਿਆ ਗਿਆ ਹੈ। ਜਾਣਕਾਰੀ ਦਿੰਦੇ ਹੋਏ ਏਐੱਸਆਈ ਜਸਪਾਲ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਿਸ ਪਾਰਟੀ ਬੀਤੀ ਸ਼ਾਮ ਗਸ਼ਤ ਵਾ ਚੈਕਿੰਗ ਸ਼ੱਕੀ ਪੁਰਸ਼ਾਂ ਦੇ ਸਬੰਧ ਵਿਚ ਪਿੰਡ ਜਲਾਲ ਵਾਲਾ ਵਿਖੇ ਮੌਜ਼ੂਦ ਸੀ ਤਾਂ ਇਸ ਦੌਰਾਨ ਖਾਸ ਮੁਖਬਰ ਨੇ ਇਤਲਾਹ ਦਿੱਤੀ ਕਿ ਦੋਸ਼ੀ ਪਿੱਪਲ ਸਿੰਘ ਪੁੱਤਰ ਕਿੱਕਰ ਸਿੰਘ ਵਾਸੀ ਪਿੰਡ ਜਲਾਲ ਵਾਲਾ (ਸ਼ਾਮ ਸਿੰਘ ਵਾਲੇ ਝੁੱਗੇ) ਜੋ ਨਾਜਾਇਜ਼ ਸ਼ਰਾਬ ਕਸੀਦ ਕਰਕੇ ਵੇਚਣ ਦਾ ਆਦੀ ਹੈ, ਜੋ ਇਸ ਸਮੇਂ ਆਪਣੇ ਘਰ ਵਿਚ ਨਾਜਾਇਜ਼ ਸ਼ਰਾਬ ਰੱਖ ਕੇ ਗ੍ਰਾਹਕਾਂ ਦਾ ਇੰਤਜ਼ਾਰ ਕਰ ਰਿਹਾ ਹੈ, ਜੇਕਰ ਹੁਣੇ ਇਸ 'ਤੇ ਛਾਪੇਮਾਰੀ ਕੀਤੀ ਜਾਵੇ ਤਾਂ ਇਸ ਦੇ ਘਰੋਂ ਨਾਜਾਇਜ਼ ਸ਼ਰਾਬ ਬਰਾਮਦ ਹੋ ਸਕਦੀ ਹੈ। ਪੁਲਿਸ ਪਾਰਟੀ ਵੱਲੋਂ ਦੋਸ਼ੀ 'ਤੇ ਛਾਪੇਮਾਰੀ ਕਰਕੇ ਕਾਬੂ ਕੀਤਾ ਤੇ ਇਸ ਕੋਲੋਂ ਸਵਾ 9 ਬੋਤਲਾਂ ਨਾਜਾਇਜ਼ ਸ਼ਰਾਬ ਬਰਾਮਦ ਹੋਈ। ਪੁਲਿਸ ਨੇ ਦੱਸਿਆ ਕਿ ਉਕਤ ਦੋਸ਼ੀ ਖਿਲਾਫ ਮਾਮਲਾ ਦਰਜ ਕਰ ਲਿਆ ਗਿਆ ਹੈ।

## ਔਰਤ ਸਮੇਤ ਇੱਕ ਵਿਅਕਤੀ ਨੂੰ 18 ਗ੍ਰਾਮ ਹੈਰੋਇਨ ਸਮੇਤ ਗ੍ਰਿਫਤਾਰ

**ਫਿਰੋਜ਼ਪੁਰ (ਅਸ਼ੋਕ ਭਾਰਦਵਾਜ )** ਥਾਣਾ ਮੱਖੂ ਦੀ ਪੁਲਿਸ ਨੇ ਗਸ਼ਤ ਅਤੇ ਚੈਕਿੰਗ ਦੌਰਾਨ ਇਕ ਔਰਤ ਸਮੇਤ ਇਕ ਵਿਅਕਤੀ ਨੂੰ 18 ਗ੍ਰਾਮ ਹੈਰੋਇਨ ਸਮੇਤ ਗ੍ਰਿਫਤਾਰ ਕਰਕੇ ਉਸ ਖਿਲਾਫ ਐੱਨਡੀਪੀਐੱਸ ਐਕਟ ਤਹਿਤ ਮਾਮਲਾ ਦਰਜ ਕਰ ਲਿਆ ਗਿਆ ਹੈ। ਜਾਣਕਾਰੀ ਦਿੰਦੇ ਹੋਏ ਏਐੱਸਆਈ ਤਾਰਾ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਿਸ ਪਾਰਟੀ ਬੀਤੀ ਸ਼ਾਮ ਗਸ਼ਤ ਵਾ ਚੈਕਿੰਗ ਸ਼ੱਕੀ ਪੁਰਸ਼ਾਂ ਦੇ ਸਬੰਧ ਵਿਚ ਜਲੰਧਰ ਤਿਕੋਣੀ ਮੱਖੂ ਵਿਖੇ ਮੌਜ਼ੂਦ ਸੀ ਤਾਂ ਇਸ ਦੌਰਾਨ ਦੋਸ਼ੀਅਨ ਥੋਮਸ ਉਰਫ ਸਮਾਇਲ ਪੁੱਤਰ ਕੱਕੂ ਮਸੀਹ, ਛਿੰਦਰ ਪਤਨੀ ਕੱਕੂ ਮਸੀਹ ਵਾਸੀਅਨ ਈਸਾ ਨਗਰੀ ਮੱਖੂ ਜੋ ਪੈਦਲ ਆ ਰਹੇ ਸਨ ਤੇ ਪੁਲਿਸ ਪਾਰਟੀ ਨੂੰ ਦੇਖ ਕੇ ਘਬਰਾ ਗਏ ਜਿਨ੍ਹਾਂ ਨੂੰ ਸ਼ੱਕੀ ਦੀ ਬਿਨਾਅ 'ਤੇ ਕਾਬੂ ਕੀਤਾ ਗਿਆ ਤੇ ਤਲਾਸ਼ੀ ਦੌਰਾਨ ਇਨ੍ਹਾਂ ਕੋਲੋਂ 18 ਗ੍ਰਾਮ ਹੈਰੋਇਨ ਬਰਾਮਦ ਹੋਈ। ਪੁਲਿਸ ਨੇ ਦੱਸਿਆ ਕਿ ਉਕਤ ਦੋਸ਼ੀਅਨ ਖਿਲਾਫ ਮਾਮਲਾ ਦਰਜ ਕਰ ਲਿਆ ਗਿਆ ਹੈ।

## ਹੋਰ ਦਾਜ ਮੰਗਣ ਅਤੇ ਉਸ ਨੂੰ ਤੰਗ ਪ੍ਰੇਸ਼ਾਨ ਕਰਨ ਦੇ ਦੋਸ਼ ਵਿਚ ਵਿਆਹੁਤਾ ਦੇ ਪਤੀ ਖਿਲਾਫ ਹੋਇਆ ਮੁਕੱਦਮਾ ਦਰਜ

**ਫਿਰੋਜ਼ਪੁਰ (ਅਸ਼ੋਕ ਭਾਰਦਵਾਜ )** ਵਿਆਹੁਤਾ ਕੋਲੋਂ ਹੋਰ ਦਾਜ ਮੰਗਣ ਅਤੇ ਉਸ ਨੂੰ ਤੰਗ ਪ੍ਰੇਸ਼ਾਨ ਕਰਨ ਦੇ ਦੋਸ਼ ਵਿਚ ਥਾਣਾ ਵੂਮੈਨ ਦੀ ਪੁਲਿਸ ਨੇ ਵਿਆਹੁਤਾ ਦੇ ਪਤੀ ਖਿਲਾਫ 498-ਏ, 406 ਆਈਪੀਸੀ ਤਹਿਤ ਮਾਮਲਾ ਦਰਜ ਕੀਤਾ ਹੈ। ਵਿਆਹੁਤਾ ਨਿਸ਼ਾ ਸ਼ਰਮਾ ਪੁੱਤਰੀ ਰਜਿੰਦਰ ਕੁਮਾਰ ਵਾਸੀ ਬਰਟ ਰੋਡ ਵਾਰਡ ਨੰਬਰ 13 ਰੇਲਵੇ ਡਬਲ ਸਟੋਰੀ ਕੁਆਰਟਰ ਫਿਰੋਜ਼ਪੁਰ ਨੇ ਦੱਸਿਆ ਕਿ ਉਸ ਦਾ ਵਿਆਹ ਦੋਸ਼ੀ ਕਰਨ ਪੁੱਤਰ ਬਲਵੀਰ ਚੰਦ ਵਾਸੀ ਸ਼ਰੀਂਹ ਵਾਲਾ ਰੋਡ ਨੇੜੇ ਟੰਡਨ ਦੀ ਚੋਕੀ ਗੁਰੂਹਰਸਹਾਏ ਨਾਲ 17 ਅਪ੍ਰੈਲ 2019 ਨੂੰ ਹੋਇਆ ਸੀ। ਵਿਆਹੁਤਾ ਨੇ ਦੱਸਿਆ ਕਿ ਦੋਸ਼ੀ ਜੋ ਉਸ ਨੂੰ ਤੰਗ ਪ੍ਰੇਸ਼ਾਨ ਕਰਦਾ ਤੇ ਹੋਰ ਦਾਜ ਦੀ ਮੰਗ ਕਰਦਾ ਸੀ। ਨਿਸ਼ਾ ਨੇ ਦੱਸਿਆ ਕਿ ਉਸ ਦੇ ਪਤੀ ਨੇ ਉਸ ਦਾ ਇਸਤਰੀ ਧੰਨ ਖੁਰਦ ਖੁਰਦ ਕਰ ਦਿੱਤਾ ਹੈ। ਇਸ ਮਾਮਲੇ ਦੀ ਜਾਂਚ ਕਰ ਰਹੇ ਸਬ ਇੰਸਪੈਕਅਰ ਬਲਵਿੰਦਰ ਸਿੰਘ ਨੇ ਦੱਸਿਆ ਕਿ ਪੁਲਿਸ ਨੇ ਵਿਆਹੁਤਾ ਦੇ ਪਤੀ ਖਿਲਾਫ ਮਾਮਲਾ ਦਰਜ ਕਰ ਲਿਆ ਗਿਆ ਹੈ।

## ਸੜਕ ਹਾਦਸੇ ਵਿਚ ਜ਼ਖਮੀਂ ਹੋਏ ਵਿਅਕਤੀ ਦੀ ਹਸਪਤਾਲ ਲਿਜਾਂਦੇ ਸਮੇਂ ਹੋਈ ਮੌਤ

**ਫਿਰੋਜ਼ਪੁਰ (ਅਸ਼ੋਕ ਭਾਰਦਵਾਜ ):** ਫਿਰੋਜ਼ਪੁਰ ਫਰੀਦਕੋਟ ਰੋਡ ਵਿਖੇ ਹੋਏ ਸੜਕ ਹਾਦਸੇ ਵਿਚ ਜ਼ਖਮੀਂ ਹੋਏ ਵਿਅਕਤੀ ਦੀ ਮੌਤ ਹੋਣ ਦੀ ਖਬਰ ਮਿਲੀ ਹੈ। ਪੁਲਿਸ ਨੂੰ ਦਿੱਤੇ ਬਿਆਨਾਂ ਵਿਚ ਦਵਿੰਦਰ ਸਿੰਘ ਪੁੱਤਰ ਸੁਰਜੀਤ ਸਿੰਘ ਵਾਸੀ ਚੁੰਗੀ ਨੰਬਰ 8 ਪ੍ਰਤਾਪ ਨਗਰ ਨੇ ਦੱਸਿਆ ਕਿ ਉਸ ਦਾ ਭਰਾ ਪ੍ਰਗਟ ਸਿੰਘ (40) ਜੋ ਪਸ਼ੂਆਂ ਦਾ ਵਪਾਰ ਕਰਦਾ ਸੀ। ਮਿਤੀ 11 ਮਈ 2021 ਨੂੰ ਪ੍ਰਗਟ ਸਿੰਘ ਜੋ ਮੋਟਰਸਾਈਕਲ ਵਿਚ ਪੈਟਰੋਲ ਪੰਪ ਤੇ ਤੇਲ ਪੁਆ ਕੇ ਵਾਪਸ ਆ ਰਿਹਾ ਸੀ ਤਾਂ ਦੋਸ਼ੀ ਅਦਿੱਤਿਆ ਪੁੱਤਰ ਵਿਕਾਸ ਲਾਲ ਕੁੜਤੀ ਕੈਂਟ ਫਿਰੋਜ਼ਪੁਰ ਨੇ ਆਪਣੀ ਐਕਟਿਵਾ ਤੇਜ਼ ਰਫਤਾਰ ਨਾਲ ਲਿਆ ਕੇ ਪ੍ਰਗਟ ਸਿੰਘ ਦੇ ਮੋਟਰਸਾਈਕਲ ਵਿਚ ਮਾਰੀ। ਇਸ ਹਾਦਸੇ ਵਿਚ ਉਸ ਦਾ ਭਰਾ ਪ੍ਰਗਟ ਸਿੰਘ ਜ਼ਖਮੀਂ ਹੋ ਗਿਆ, ਜਿਸ ਨੂੰ ਇਲਾਜ ਲਈ ਅਨਿਲ ਬਾਗੀ ਹਸਪਤਾਲ ਫਿਰੋਜ਼ਪੁਰ ਵਿਖੇ ਦਾਖਲ ਕਰਵਾਇਆ ਗਿਆ ਸੀ ਤੇ ਸੱਟਾਂ ਜ਼ਿਆਦਾ ਲੱਗਣ ਕਰਕੇ ਡਾਕਟਰ ਨੇ ਅਮਨਦੀਪ ਹਸਪਤਾਲ ਅੰਮ੍ਰਿਤਸਰ ਰੈਫਰ ਕੀਤਾ ਗਿਆ ਤਾਂ ਹਸਪਤਾਲ ਲਿਜਾਂਦੇ ਸਮੇਂ ਰਸਤੇ ਵਿਚ ਪ੍ਰਗਟ ਸਿੰਘ ਦੀ ਮੌਤ ਹੋ ਗਈ। ਇਸ ਮਾਮਲੇ ਦੀ ਜਾਂਚ ਕਰ ਰਹੇ ਥਾਣਾ ਕੁੱਲਗੜ੍ਹੀ ਪੁਲਿਸ ਦੇ ਏਐੱਸਆਈ ਬਲਜਿੰਦਰ ਸਿੰਘ ਨੇ ਦੱਸਿਆ ਕਿ ਪੁਲਿਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਦੋਸ਼ੀ ਖਿਲਾਫ 304-ਏ, 279, 427 ਆਈਪੀਸੀ ਤਹਿਤ ਮਾਮਲਾ ਦਰਜ ਕਰ ਲਿਆ ਗਿਆ ਹੈ।

## ਲਾਸ਼ ਨੂੰ ਥਾਣੇ ਦੇ ਸਾਹਮਣੇ ਰੱਖ ਕੇ ਪਰਿਵਾਰ ਵਾਲਿਆਂ ਨੇ ਲਗਾਈ ਇੰਨਸਾਫ ਦੀ ਗੁਹਾਰ

**ਫਿਰੋਜ਼ਪੁਰ (ਅਸ਼ੋਕ ਭਾਰਦਵਾਜ)** ਇਕ ਵਿਅਕਤੀ ਵੀ ਤੇਜ਼ਧਾਰ ਹਥਿਆਰਾਂ ਨਾਲ ਕਤਲ ਕਰਨ ਤੇ ਪੁਲੀਸ ਵੱਲੋਂ ਵਰਤੀ ਜਾ ਰਹੀ ਢਿੱਲੀ ਕਾਰਜ ਪ੍ਰਣਾਲੀ ਨੂੰ ਦੇਖਦੇ ਹੋਏ ਮ੍ਰਿਤਕ ਦੇ ਪਰਿਵਾਰਿਕ ਮੈਂਬਰਾਂ ਅਤੇ ਸਮੂਹ ਪਿੰਡ ਵਾਸੀਆਂ ਨੇ ਫਿਰੋਜ਼ਪੁਰ ਦੇ ਸਦਰ ਥਾਣੇ ਦੇ ਬਾਹਰ ਮ੍ਰਿਤਕ ਦੀ ਦੇਹ ਨੂੰ ਰੱਖ ਕੇ ਰੋਸ ਪ੍ਰਦਰਸ਼ਨ ਕਰਦਿਆਂ ਫਿਰੋਜ਼ਪੁਰ ਪੁਲਿਸ ਖਿਲਾਫ਼ ਜੰਮ ਕੇ ਨਾਅਰੇਬਾਜ਼ੀ ਕੀਤੀ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮ੍ਰਿਤਕ ਦੇ ਭਰਾ ਬਲਕਾਰ ਸਿੰਘ ਪੁੱਤਰ ਦਲੀਪ ਸਿੰਘ ਵਾਸੀ ਪਿੰਡ ਅਲੀਕੇ ਰੋਡ ਨੇ ਦੱਸਿਆ ਕਿ ਉਸ ਦਾ ਭਰਾ ਅਮਰੀਕ ਸਿੰਘ ਨੂੰ ਖਾਣ ਪੀਣ ਲਈ ਦੋਸ਼ੀ ਜੱਸਾ ਪੁੱਤਰ ਲਾਲ ਵਾਸੀ ਸੋਗੜ ਨਹਿਰ ਕਾਲੀ ਪੁੱਤਰ ਜੰਗੀ ਘਰੋਂ ਬੁਲਾ ਕੇ ਲੈ ਗਿਆ ਸੀ ਉਸ ਮਗਰੋਂ ਅਮਰੀਕ ਸਿੰਘ ਰਾਤ ਨੂੰ ਵਾਪਸ ਨਹੀਂ ਆਇਆ ਬਲਕਾਰ ਸਿੰਘ ਨੇ ਦੱਸਿਆ ਕਿ ਉਹ ਤੇ ਉਸਦਾ ਭਤੀਜਾ ਮਿਰਜ਼ਾ ਉਸ ਦੀ ਭਾਲ ਲਈ ਸਵੇਰੇ ਜੱਸੇ ਦੇ ਘਰੇ ਗਏ ਉਸ ਨੇ ਦੱਸਿਆ ਕਿ ਕਾਲੀ ਨੇ ਰਾਤ ਕਰੀਬ ਦੱਸ ਵਜੇ ਅਮਰੀਕ ਸਿੰਘ ਨੂੰ ਕੁੱਟਿਆ ਤੇ ਉਹ ਦੋਵੇਂ ਉੱਥੋਂ ਘਰ ਨੂੰ ਚੱਲ ਪਏ ਤੇ ਅਮਰੀਕ ਸਿੰਘ ਰਸਤੇ ਵਿੱਚੋਂ ਵਾਪਸ ਮੁੜ ਗਿਆ ਤੇ ਜੱਸਾ ਆਪਣੇ ਘਰ ਨੂੰ ਆ ਗਿਆ ਉਸ ਨੇ ਦੱਸਿਆ ਕਿ ਇਹ ਗੱਲ ਸੁਣ ਕੇ ਮੈਂ ਅਤੇ ਉਸ ਦਾ ਲੜਕਾ ਅਮਰੀਕ ਸਿੰਘ ਨੂੰ ਲੱਭਣ ਲਈ ਪਿੰਡ ਅਲੀ ਕੇ ਚੱਲ ਪਏ ਤਾਂ ਪਿੰਡ ਆਲੀਕੇ ਤੋਂ ਥੋੜ੍ਹਾ ਪਿੱਛੇ ਸੜਕ ਦੇ ਕਿਨਾਰੇ ਉਸ ਦਾ ਭਰਾ ਅਮਰੀਕ ਸਿੰਘ ਪਿਆ ਸੀ ਜਿਸ ਦੇ ਖੱਬੇ ਪਾਸੇ ਬਾਂਹ ਦੇ ਉੱਪਰ ਤੇਜ਼ ਧਾਰ ਹਥਿਆਰਾਂ ਦੀਆਂ




ਸੱਟਾਂ ਸਨ ਤੇ ਹੋਰ ਵੀ ਕਈ ਗੁੱਝੀਆਂ ਸੱਟਾਂ ਸਨ ਬਲਕਾਰ ਸਿੰਘ ਨੇ ਦੱਸਿਆ ਕਿ ਉਸ ਨੂੰ ਸ਼ੱਕ ਹੈ ਕਿ ਅਮਰੀਕ ਸਿੰਘ ਨੂੰ ਜੱਸਾ ਸਿੰਘ ਤੇ ਕਾਲੀ ਨੇ ਕਤਲ ਕਰ ਦਿੱਤਾ ਹੈ ਜਿਨ੍ਹਾਂ ਦੀ ਜਲਦ ਗ੍ਰਿਫਤਾਰੀ ਦੇ ਲਈ ਮ੍ਰਿਤਕ ਦੇ ਪਰਿਵਾਰ ਵਾਲੇ ਅਤੇ ਸਮੂਹ ਪਿੰਡ ਵਾਸੀਆਂ ਨੇ ਥਾਣਾ ਸਦਰ ਦੇ ਬਾਹਰ ਮ੍ਰਿਤਕ ਦੀ ਦੇਹ ਰੱਖ ਕੇ ਮੰਗ ਕੀਤੀ ਕਿ ਦੋਸ਼ੀਆਂ ਨੂੰ ਜਲਦ ਤੋਂ ਜਲਦ ਫੜਿਆ ਜਾਵੇ ਅਤੇ ਉਨ੍ਹਾਂ ਨੂੰ ਇਨਸਾਫ ਦਿਵਾਇਆ ਜਾਵੇ।

## ਝੁੱਗੀ-ਝੌਂਪੜੀ ‘‘ਚ ਰਹਿਣ ਵਾਲਿਆਂ ਲਈ ਚੰਗੀ ਖਬਰ, ਕੈਪਟਨ ਨੇ ਕੀਤਾ ਅਹਿਮ ਐਲਾਨ

**ਚੰਡੀਗੜ (ਦੀਪਕ ਸ਼ਰਮਾ)** ਪੰਜਾਬ ਦੇ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਨੇ ਸ਼ਹਿਰੀ ਗਰੀਬਾਂ ਨੂੰ ਘਰ ਮੁਹੱਈਆ ਕਰਵਾਉਣ ਲਈ ਆਪਣੀ ਵਚਨਬੱਧਤਾ ਪ੍ਰਗਟ ਕਰਦਿਆਂ ਸਥਾਨਕ ਸਰਕਾਰਾਂ ਬਾਰੇ ਵਿਭਾਗ ਨੂੰ ਆਪਣੇ ਪ੍ਰਮੁੱਖ ਪ੍ਰੋਗਰਾਮ ‘ਬਸੇਰਾ’ ਦੇ ਕੰਮਾਂ ਵਿਚ ਤੇਜੀ ਲਿਆਉਣ ਦੇ ਹੁਕਮ ਦਿੱਤੇ ਹਨ। ਇਸ ਦਾ ਮਕਸਦ ਸਤੰਬਰ, 2021 ਤੱਕ ਝੁੱਗੀ-ਝੌਂਪੜੀ ਵਾਲੇ 1000 ਘਰਾਂ ਨੂੰ ਮਾਲਕੀ ਹੱਕ ਦੇਣ ਦਾ ਟੀਚਾ ਪੂਰਾ ਕਰਨਾ ਹੈ। ਵਰਚੁਅਲ ਮੀਟਿੰਗ ਦੌਰਾਨ ਸਥਾਨਕ ਸਰਕਾਰਾਂ ਬਾਰੇ ਵਿਭਾਗ ਦੇ ਕੰਮਕਾਜ ਦਾ ਜਾਇਜਾ ਲੈਂਦਿਆਂ ਮੁੱਖ ਮੰਤਰੀ ਨੇ ਅਧਿਕਾਰੀਆਂ ਨੂੰ ਸੂਬਾਈ ਅਤੇ ਕੇਂਦਰੀ ਸਕੀਮਾਂ ਦੇ ਤਹਿਤ ਸਾਰੇ ਵੱਡੇ ਪ੍ਰਾਜੈਕਟਾਂ ਵਿਚ ਤੇਜੀ ਲਿਆਉਣ ਲਈ ਕਿਹਾ ਹੈ। ਕੈਪਟਨ ਨੇ ਕਿਹਾ ਹੈ ਕਿ ਇਸ ਸਾਲ ਦਸੰਬਰ ਤੱਕ ਇਨਾਂ ਪ੍ਰਾਜੈਕਟਾਂ ਨੂੰ ਮੁਕੰਮਲ ਕਰਕੇ ਕਾਰਜਸ਼ੀਲ ਬਣਾਉਣ ਨੂੰ ਯਕੀਨੀ ਕੀਤਾ ਜਾਵੇ। ‘ਬਸੇਰਾ’ ਸਕੀਮ ਅਧੀਨ 196 ਝੁੱਗੀਆਂ ਦੀ ਸ਼ਨਾਖਤ ਕੀਤੀ ਜਾ ਚੁੱਕੀ ਹੈ ਅਤੇ 25,850 ਘਰਾਂ ਦਾ ਸਰਵੇ ਕੀਤਾ ਗਿਆ ਹੈ। ਮੁੱਖ ਮੰਤਰੀ ਨੇ ਅਗਲੇ ਚਾਰ ਮਹੀਨਿਆਂ ਵਿਚ 1000 ਘਰਾਂ ਨੂੰ ਮਾਲਕੀ ਹੱਕ ਦੇਣ ਦੇ ਕੰਮ ਨੂੰ ਫੌਰੀ ਮੁਕੰਮਲ ਕਰਨ ਲਈ ਆਖਿਆ। ਉਨਾਂ ਵਿਭਾਗ ਨੂੰ ਪ੍ਰਧਾਨ ਮੰਤਰੀ ਆਵਾਸ ਯੋਜਨਾ ਤਹਿਤ ਪ੍ਰਵਾਨਿਤ ਕੀਤੇ ਸਾਰੇ 97598 ਘਰਾਂ ਨੂੰ ਮੁਕੰਮਲ ਕਰਨਾ ਯਕੀਨੀ ਬਣਾਉਣ ਲਈ ਆਖਿਆ। ਬੁੱਢਾ ਨਾਲਾ ਸਕੀਮ ਨੂੰ ਸੂਬੇ ਲਈ ਮੁੱਖ ਪ੍ਰਾਜੈਕਟ ਦੱਸਦਿਆਂ ਮੁੱਖ ਮੰਤਰੀ ਨੇ ਇਸ ਨੂੰ ਸਮੇਂ ਸਿਰ ਪੂਰਾ ਕਰਨ ਨੂੰ ਯਕੀਨੀ ਬਣਾਉਣ ਦੀ ਲੋੜ ’ਤੇ ਜ਼ੋਰ ਦਿੰਦਿਆਂ ਵਿਭਾਗ ਨੂੰ ਦਸੰਬਰ, 2021 ਤੱਕ ਇਸ ਵੱਖ-ਵੱਖ ਪੜਾਵਾਂ ਵਿਚ ਪੂਰਾ ਕਰਨ ਲਈ ਆਖਿਆ। ਉਨਾਂ ਨੇ ਜ਼ੋਰ ਦਿੰਦਿਆਂ ਕਿਹਾ ਕਿ ਮਿਊਂਸੀਪਲ ਪ੍ਰਾਪਰਟੀਜ਼ ਐਕਟ ਦੇ ਪ੍ਰਬੰਧਨ ਅਤੇ ਤਬਦੀਲੀ ਦੇ ਅਮਲ ਲਈ ਵਿਭਾਗ ਨੂੰ ਵਿਸ਼ੇਸ਼ ਉਪਰਾਲੇ ਕਰਨੇ ਚਾਹੀਦੇ ਹਨ। ਉਨਾਂ ਕਿਹਾ ਕਿ ਇਹ



ਲੰਬੇ ਸਮੇਂ ਤੋਂ ਚੱਲੀ ਆ ਰਹੀ ਰਾਜਸੀ ਮੰਗ ਰਹੀ ਹੈ, ਜਿਸ ਨੂੰ ਪੂਰਾ ਕਰਨ ਲਈ ਉਨਾਂ ਦੀ ਸਰਕਾਰ ਵਚਨਬੱਧ ਹੈ। ਹੁਡਕੋ, ਯੂ. ਈ. ਆਈ. ਪੀ. (ਵੱਖ-ਵੱਖ ਪੜਾਅ) ਅਤੇ ਫਾਇਰ ਸਰਵਿਸਿਜ਼ ਕੁੱਝ ਹੋਰ ਪ੍ਰਾਜੈਕਟ ਹਨ, ਜਿਨਾਂ ਨੂੰ ਮੁੱਖ ਮੰਤਰੀ ਨੇ ਸੂਬੇ ਵਿਚ ਸ਼ਹਿਰੀ ਬੁਨਿਆਦੀ ਢਾਂਚੇ ਦੇ ਨਵੀਨੀਕਰਨ ਲਈ ਮਹੱਤਵਪੂਰਨ ਦੱਸਿਆ। ਸਥਾਨਕ ਸਰਕਾਰਾਂ ਬਾਰੇ ਮੰਤਰੀ ਬ੍ਰਹਮ ਮਹਿੰਦਰਾ ਨੇ ਇਸ ਤੋਂ ਪਹਿਲਾਂ ਮੁੱਖ ਮੰਤਰੀ ਨੂੰ ਵੱਖ-ਵੱਖ ਪ੍ਰਾਜੈਕਟਾਂ ਦੀ ਪ੍ਰਗਤੀ ਤੋਂ ਜਾਣੂੰ ਕਰਵਾਇਆ ਅਤੇ ਇਨਾਂ ਦੇ ਸਮੇਂ ਸਿਰ ਮੁਕੰਮਲ ਹੋਣ ਦਾ ਭਰੋਸਾ ਦਿੱਤਾ। ਮੀਟਿੰਗ ਵਿਚ ਹੋਰਨਾਂ ਤੋਂ ਇਲਾਵਾ ਮੁੱਖ ਮੰਤਰੀ ਦੇ ਮੁੱਖ ਪ੍ਰਮੁੱਖ ਸਕੱਤਰ ਸੁਰੇਸ਼ ਕੁਮਾਰ, ਮੁੱਖ ਸਕੱਤਰ ਵਿਨੀ ਮਹਾਜਨ ਅਤੇ ਮੁੱਖ ਮੰਤਰੀ ਦੇ ਪ੍ਰਮੁੱਖ ਸਕੱਤਰ ਤੇਜਵੀਰ ਸਿੰਘ ਅਤੇ ਸਥਾਨਕ ਸਰਕਾਰਾਂ ਵਿਭਾਗ ਦੇ ਹੋਰ ਅਧਿਕਾਰੀ ਵੀ ਮੌਜੂਦ ਸਨ।

## ਜਥੇਦਾਰ ਇੰਦਰਜੀਤ ਸਿੰਘ ਜ਼ੀਰਾ ਦੇ ਵਿਛੋੜੇ ’ਤੇ ਦੁੱਖ ਪ੍ਰਗਟ

**ਕੋਟਕਪਰਾ।** ਗੁੱਡ ਮੌਰਨਿੰਗ ਵੈੱਲਫੇਅਰ ਕਲੱਬ ਦੇ ਚੇਅਰਮੈਨ ਡਾ. ਮਨਜੀਤ ਸਿੰਘ ਢਿੱਲੋਂ ਮੈਨੇਜਿੰਗ ਡਾਇਰੈਕਟਰ ਬਾਬਾ ਫ਼ਰੀਦ ਕਾਲਜ ਆਫ ਨਰਸਿੰਗ ਕੋਟਕਪੂਰਾ ਨੂੰ ਉਸ ਵੇਲੇ ਡੂੰਘਾ ਸਦਮਾ ਲੱਗਾ, ਜਦ ਉਨਾ ਦੇ ਨਜਦੀਕੀ ਰਿਸ਼ਤੇਦਾਰ ਜਥੇਦਾਰ ਇੰਦਰਜੀਤ ਸਿੰਘ ਜ਼ੀਰਾ ਸਾਬਕਾ ਸਿਹਤ ਮੰਤਰੀ ਪੰਜਾਬ ਅਚਾਨਕ ਸਦੀਵੀ ਵਿਛੋੜਾ ਦੇ ਗਏ। ਉਹ ਪਿਛਲੇ ਕੁਝ ਸਮੇਂ ਤੋਂ ਕੈਂਸਰ ਦੀ ਨਾਮੁਰਾਦ ਬਿਮਾਰੀ ਤੋਂ ਪੀੜਤ ਸਨ। ਜਥੇਦਾਰ ਜ਼ੀਰਾ ਡਾ. ਢਿੱਲੋਂ ਦੇ ਸਹੁਰੇ ਪਰਿਵਾਰ ਵਲੋਂ ਬਹੁਤ ਨੇੜਲੇ ਰਿਸ਼ਤੇਦਾਰ ਸਨ। ਉਨਾਂ ਦੇ ਅੰਤਿਮ ਸਸਕਾਰ ਮੌਕੇ ਜ਼ੀਰਾ ਵਿਖੇ ਕੋਵਿਡ-19 ਦੇ ਨਿਯਮਾ ਦੀ ਪਾਲਣਾ ਕਰਦਿਆਂ ਕਾਫੀ ਗਿਣਤੀ ਵਿੱਚ ਰਾਜਨੀਤਿਕ ਅਤੇ ਗੈਰ ਸਿਆਸੀ ਸ਼ਖਸ਼ੀਅਤਾਂ ਨੇ ਵਿਧਾਇਕ ਕੁਲਬੀਰ ਸਿੰਘ ਜ਼ੀਰਾ ਸਮੇਤ ਸਮੁੱਚੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ। ਡਾ. ਢਿੱਲੋਂ ਦੇ ਪਰਿਵਾਰ ਨਾਲ ਜਥੇਦਾਰ ਜ਼ੀਰਾ ਦੇ ਵਿਛੋੜੇ ’ਤੇ ਦੁੱਖ ਪ੍ਰਗਟ ਕਰਨ ਵਾਲਿਆਂ ਵਿੱਚ ਵਿਧਾਇਕ ਕੁਲਤਾਰ ਸਿੰਘ ਸੰਧਵਾਂ, ਡਾ. ਪ੍ਰੀਤਮ ਸਿੰਘ ਛੌਕਰ, ਗੁਰਬਚਨ ਸਿੰਘ ਟੋਨੀ, ਗੁਰਿੰਦਰ ਸਿੰਘ ਮਹਿੰਦੀਰੱਤਾ, ਨੰਬਰਦਾਰ ਸੁਖਵਿੰਦਰ ਸਿੰਘ ਪੱਪੂ, ਰਜਿੰਦਰ ਸਿੰਘ ਸਰਾਂ, ਗੁਰਦੀਪ ਸਿੰਘ ਮੈਨੇਜਰ, ਸੁਰਿੰਦਰ ਸਿੰਘ ਸੁਪਰਡੈਂਟ, ਜਸਕਰਨ ਸਿੰਘ ਭੱਟੀ, ਸੋਮਨਾਥ ਅਰੋੜਾ, ਪ੍ਰੋ. ਹਰਬੰਸ ਸਿੰਘ ਪਦਮ, ਮੁਖਤਿਆਰ ਸਿੰਘ ਮੱਤਾ, ਜਸਵਿੰਦਰ ਸਿੰਘ ਢਿੱਲੋਂ, ਬਲਜੀਤ ਸਿੰਘ ਖੀਵਾ, ਸੁਖਵਿੰਦਰ ਸਿੰਘ ਬੱਬੂ ਆਦਿ ਵੀ ਸ਼ਾਮਲ ਹਨ।



## ਸਿਵਲ ਹਸਪਤਾਲ ਦੀ ਸਟਾਫ ਨਰਸ ਦੀ ਡਿਊਟੀ ਵਿਚ ਵਿਘਨ ਪਾਉਣ ਦੇ ਦੋਸ਼ ਵਿੱਚ 3 ਖਿਲਾਫ ਮਾਮਲਾ ਦਰਜ

**ਫਿਰੋਜ਼ਪੁਰ (ਅਸ਼ੋਕ ਭਾਰਦਵਾਜ ):** ਸਿਵਲ ਹਸਪਤਾਲ ਦੀ ਸਟਾਫ ਨਰਸ ਦੀ ਡਿਊਟੀ ਵਿਚ ਵਿਘਨ ਪਾਉਣ ਦੇ ਦੋਸ਼ ਵਿਚ ਥਾਣਾ ਸਿਟੀ ਫਿਰੋਜ਼ਪੁਰ ਦੀ ਪੁਲਿਸ ਨੇ 3 ਲੋਕਾਂ ਸਮੇਤ 3 ਅਣਪਛਾਤੇ ਲੜਕਿਆਂ ਖਿਲਾਫ 353, 186, 506, 34 ਆਈਪੀਸੀ ਤਹਿਤ ਮਾਮਲਾ ਦਰਜ ਕੀਤਾ ਹੈ। ਪੁਲਿਸ ਨੂੰ ਦਿੱਤੇ ਬਿਆਨਾਂ ਵਿਚ ਪੂਜਾ ਸਟਾਫ ਨਰਸ ਸਿਵਲ ਹਸਪਤਾਲ ਫਿਰੋਜ਼ਪੁਰ ਪੁੱਤਰੀ ਜੋਗਿੰਦਰ ਪਾਲ ਵਾਸੀ ਭਾਰਤ ਨਗਰ ਨੇ ਦੱਸਿਆ ਕਿ ਉਹ ਸਟਾਫ ਨਰਸ ਸਿਵਲ ਹਸਪਤਾਲ ਫਿਰੋਜ਼ਪੁਰ ਵਿਖੇ ਲੱਗੀ ਹੋਈ ਹੈ ਤੇ ਆਪਣੇ ਦਫਤਰ ਜੱਚਾ ਬੱਚਾ ਵਿਭਾਗ ਵਿਚ ਹੈਲਪਰ ਸੋਮਾ ਦੇਵੀ ਨਾਲ ਡਿਊਟੀ ਕਰ ਰਹੀ ਸੀ। ਦੋਸ਼ੀਅਨ ਜੋ ਕ੍ਰਿਸ਼ਨਾ ਪਤਨੀ ਲਵ ਾਸੀ ਨਵਾਂ ਪੂਰਬਾ ਨੂੰ ਦਾਖਲ ਕਰਾਉਣ ਲਈ ਹਸਪਤਾਲ ਵਿਖੇ ਲੈ ਕੇ ਆਏ ਸਨ ਤੇ ਕਹਿਣ ਲੱਗੇ ਕਿ ਅਸੀਂ ਮਰੀਜ਼ ਕ੍ਰਿਸ਼ਨਾਂ ਨੂੰ ਚੈੱਕ ਕਰਾਉਣਾ ਹੈ ਤਾਂ ਉਸ ਨੇ ਉਨ੍ਹਾਂ ਨੂੰ ਕਿਹਾ ਕਿ ਰਿਪੋਰਟਾਂ ਦਿਖਾਓ ਤੇ ਮਰੀਜ਼ ਦੀ ਕੋਰੋਨਾ ਰਿਪੋਰਟ ਦਿਖਾਉਣ ਲਈ ਕਿਹਾ ਤਾਂ ਦੋਸ਼ੀਅਨ ਨੇ ਉਸ ਦੀ ਕੋਰੋਨਾ ਰਿਪੋਰਟ ਨੈਗਟਿਵ ਦਿਖਾਈ। ਪੂਜਾ ਨੇ ਦੱਸਿਆ ਕਿ ਜਦ ਮਰੀਜ਼ਾਂ ਨੂੰ ਵੇਖਿਆ ਤਾਂ ਉਸ ਨੂੰ ਯਾਦ ਆਇਆ ਕਿ ਇਹ ਮਰੀਜ਼ ਮਿਤੀ 4 ਮਈ 2021 ਨੂੰ ਕੋਰੋਨਾ ਪੋਜਟਿਵ ਆਈ ਸੀ ਤੇ ਜਿਸ ਨੂੰ ਆਈ ਸੁ ਲੈਸ਼ਨ ਵਾਰਡ ਵਿਚ ਦਾਖਲ ਕਰਵਾਇਆ ਗਿਆ ਸੀ ਤੇ ਜਿਥੇ ਇਹ ਸਾਰੇ ਜਣੇ ਲਿਖ ਕੇ ਮਰੀਜ਼ ਦਾਖਲ ਨਹੀਂ ਕਰਾਉਣ ਸਬੰਧੀ ਨਾਲ ਲੈ ਗਏ ਸਨ। ਪੂਜਾ ਨੇ ਦੱਸਿਆ ਨੇ ਉਸ ਵੱਲੋਂ ਇਨ੍ਹਾਂ ਨੂੰ ਕਿਹਾ ਗਿਆ ਕਿ ਤੁਸੀਂ ਮਰੀਜ਼ ਨੂੰ ਆਈ ਸੁ ਲੈਸ਼ਨ ਵਾਰਡ ਵਿਚ ਦਾਖਲ ਕਰਵਾਉ ਉਹ ਮਰੀਜ਼ ਨੂੰ ਚੈੱਕ ਕਰਦੀ ਹੈ ਤਾਂ ਮਰੀਜ਼ ਦੇ ਨਾਲ ਆਈ ਹੋਈ ਉਸਦੀ ਰਿਸ਼ਤੇਦਾਰ ਸੋਨੀਆ ਤੇਸ਼ ਵਿਚ ਆ ਗਈ ਤੇ ਜਿਸ ਨੇ ਉਸ ਨੂੰ ਧੱਕਾ ਮਾਰਿਆ ਜਿਸ ਕਰਕੇ ਉਹ ਥੱਲੇ ਡਿੱਗ ਪਈ ਤੇ ਦੋਸ਼ੀਅਨ ਗਾਲੀ ਗਲੋਚ ਕਰਦੇ ਹੋਏ ਤੇ ਧਮਕੀਆਂ ਦਿੰਦੇ ਹੋਏ ਮੌਕੇ ਤੋਂ ਮਰੀਜ਼ ਨੂੰ ਨਾਲ ਲੈ ਕੇ ਚਲੇ ਗਏ। ਇਸ ਮਾਮਲੇ ਦੀ ਜਾਂਚ ਕਰ ਰਹੇ ਏਐੱਸਆਈ ਸ਼ਰਮਾ ਸਿੰਘ ਨੇ ਦੱਸਿਆ ਕਿ ਪੁਲਿਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਦੋਸ਼ੀਅਨ ਸ਼ਮੀ ਪ੍ਰਧਾਨ ਪੁੱਤਰ ਵਿਕਟਲ, ਸੋਨੀਆ, ਲਵ ਵਾਸੀਅਨ ਨਵਾਂ ਪੁਰਾਬ ਅਤੇ 2-3 ਅਣਪਛਾਤੇ ਲੜਕੇ ਖਿਲਾਫ ਪੁਲਿਸ ਨੇ ਮਾਮਲਾ ਦਰਜ ਕਰ ਲਿਆ ਗਿਆ ਹੈ।

## ਰਾਤ ਦੇ ਕਰਫਿਊ ਚ ਫਿਰੋਜਪੁਰ ਛਾਉਣੀ ਵਿੱਚ ਪੱਤਰਕਾਰ ਵਿਕਰਮ ਵਰਮਾ ਦੀ ਦੁਕਾਨ ਤੇ ਹੋਈ ਚੋਰੀ ਦੀ ਕੋਸ਼ਿਸ਼



**ਫਿਰੋਜ਼ਪੁਰ ( ਅਸ਼ੋਕ ਭਾਰਦਵਾਜ )** ਸਰਕਾਰ ਨੇ ਰਾਤ ਦਾ ਨਾਇਟ ਕਰਫਿਊ ਲਗਾ ਦਿੱਤਾ ਹੈ ਜਿਸ ਕਰਕੇ ਪੁਲਿਸ ਦੀ ਮੁਸਤੇਦੀ ਰਾਤ ਨੂੰ ਹੋਰ ਵੱਧ ਜਾਂਦੀ ਹੈ ਪਰ ਕਰਫਿਊ ਸਮੇਂ ਰਾਤ ਨੂੰ ਚੋਰੀ ਦੀ ਕੋਸ਼ਿਸ਼ ਕੋਈ ਕਰੇ ਤੇ ਇਹ ਪੁਲਿਸ ਦੇ ਕੰਮ ਕਰਨ ਦੇ ਤਰੀਕੇ ਤੇ ਸਵਾਲ ਚੁੱਕ ਜਾਂਦਾ ਹੈ ਮਿਲੀ ਜਾਣਕਾਰੀ ਦੇ ਮੁਤਾਬਕ ਰਾਤ ਨੂੰ ਫਿਰੋਜ਼ਪੁਰ ਛਾਉਣੀ ਦੇ ਨੀਮ ਵਾਲੇ ਚੋਕ ਦੇ ਨਜਦੀਕ ਪੱਤਰਕਾਰ ਵਿਕਰਮ ਵਰਮਾ ਦੀ ਦੁਕਾਨ,’’ਵਿਕਰਮ ਵਰਮਾ ਜਨਰਲ ਸਟੋਰ’’ ਤੇ ਚੋਰਾਂ ਨੇ ਚੋਰੀ ਕਰਨ ਦੀ ਨਾਕਾਮ ਕੋਸ਼ਿਸ ਕੀਤੀ ਦੁਕਾਨ ਦੇ ਮਾਲਕ ਵਿਕਰਮ ਵਰਮਾ ਨੇ ਦੱਸਿਆ ਕਿ ਕੱਲ ਉਹ ਦੁੱਕਾਨ ਬੰਦ ਕਰਕੇ ਘਰ ਗਏ ਸਨ ਤੇ ਅੱਜ ਸਵੇਰੇ ਉਹਨਾ ਨੂੰ ਕਿਸੇ ਨੇ ਫੋਨ ਤੇ ਦੱਸਿਆ ਕਿ ਉਹਨਾਂ ਦੀ ਦੁੱਕਾਨ ਦੇ ਸ਼ਟਰ ਦੀ ਤੋੜ ਭੰਨ ਕੀਤੀ ਗਈ ਹੈ ਤੇ ਬਾਹਰ ਲੱਗੀ ਅਲਮਾਰੀ ਟੁੱਟੀ ਪਈ ਹੈ ਤੇ ਜਿਸ ਨੂੰ ਵੇਖ ਕੇ ਲੱਗਦਾ ਹੈ ਕਿ ਕਿਸੇ ਸ਼ਰਾਰਤੀ ਅਨਸਰਾਂ ਦੀ ਸ਼ਰਾਰਤ ਵੀ ਹੋ ਸ਼ਕਦੀ ਹੈ ਦਿਨ ਪ੍ਰਤੀ ਦਿਨ ਸ਼ਰਾਰਤ ਅਨਸਰਾਂ ਦੇ ਹੌਸਲੇ ਵੱਧਦੇ ਜਾ ਰਹੇ ਹਨ . ਦੁਕਾਨਦਾਰ ਵਿਕਰਮ ਵਰਮਾ ਨੇ ਪੁਲਿਸ ਪ੍ਰਸ਼ਾਸਨ ਤੋ ਮੰਗ ਕੀਤੀ ਹੈ ਕਿ ਜਲਦ ਤੋ ਜਲਦ ਜਿਸਨੇ ਵੀ ਚੋਰੀ ਦੀ ਕੋਸ਼ਿਸ ਯਾ ਇਹ ਸ਼ਰਾਰਤ ਕੀਤੀ ਹੈ ਉਸ ਨੂੰ ਜੱਲਦ ਤੋ ਜੱਲਦ ਫੜਿਆ ਜਾਵੇ।

## ਕੋਵਿਡ 19 ਦੌਰਾਨ ਬੱਚਿਆਂ ਦੀਸੁਰੱਖਿਆ ਲਈ ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ ਫਿਰੋਜ਼ਪੁਰ ਨਾਲਕੀਤਾ ਜਾ ਸਕਦਾ ਹੈ ਸੰਪਰਕ

**ਫਿਰੋਜ਼ਪੁਰ (ਅਸ਼ੋਕ ਭਾਰਦਵਾਜ)** ਜ਼ਿਲ੍ਹਾ ਪ੍ਰੋਗਰਾਮ ਅਫਸਰ ਰਤਨਦੀਪ ਸੰਧੂ ਨੇ ਦੱਸਿਆ ਕਿ ਜ਼ਿਲ੍ਹੇ ਵਿਚ ਕੋਵਿਡ^19 ਮਹਾਮਾਰੀ ਦੌਰਾਨ ਜੇਕਰ ਕਿਸੇ ਬੱਚੇ ਦੇ ਮਾਤਾ^ਪਿਤਾ ਦੀ ਮੌਤ ਹੋ ਗਈ ਹੈ ਜਾਂ ਬੱਚੇ ਦੇ ਮਾਤਾ^ਪਿਤਾ ਹਸਪਤਾਲ ਵਿੱਚ ਦਾਖਲ ਹਨ ਪਰ ਉਨ੍ਹਾਂ ਬੱਚਿਆਂ ਨੂੰ ਸੰਭਾਲਣ ਵਾਲਾ ਕੋਈ ਨਹੀਂ ਹੈ ਤਾਂ ਬੱਚਿਆਂ ਦੀ ਸੁਰੱਖਿਆ ਅਤੇ ਸੰਭਾਲ ਲਈ ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ,ਫਿਰੋਜ਼ਪੁਰ ਨਾਲ ਸਿੱਧਾ ਸਪੰਰਕ ਕੀਤਾ ਜਾ ਸਕਦਾ ਹੈ।

ਉਨ੍ਹਾਂ ਦੱਸਿਆ ਕਿ ਇਸ ਤਰ੍ਹਾਂ ਦੇ ਬੱਚਿਆਂ ਦੀ ਸਾਂਭ ਸੰਭਾਲ ਲਈ ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ ਫਿਰੋਜ਼ਪੁਰ ਦੇ ਫੋਨ ਨੰ: 01632-242520, ਲੀਗਲ ਕਮ ਪ੍ਰੋਬੇਸ਼ਨ ਅਫ਼ਸਰ,ਫਿਰੋਜ਼ਪੁਰ ਦੇ ਫੋਨ ਨੰ: 94173-30756, ਬਾਲ ਸੁਰੱਖਿਆ ਅਫ਼ਸਰ (ਐਨਆਈਸੀ) ਫਿਰੋਜ਼ਪੁਰ ਦੇ ਫੋਨ ਨੰ: 95929^12141, ਬਾਲ ਸੁਰੱਖਿਆ ਅਫ਼ਸਰ (ਆਈਸੀ) ਫਿਰੋਜ਼ਪੁਰ ਦੇ ਫੋਨ ਨੰ: 98765-03979, ਕੇਸੀ ਅਰੋੜਾ ਚੇਅਰਪਰਸਨ ਨਾਲ ਫੋਨ ਨੰ: 94171-65435, ਸ੍ਰੀ ਭਾਰਤ ਭੂਸ਼ਨ ਮੈਂਬਰ ਨਾਲ ਫੋਨ ਨੰ: 94638-60527, ਰਾਜਬੀਰ ਕੌਰ ਮੈਂਬਰ ਦੇ ਫੋਨ ਨੰ: 94638-59597, ਪ੍ਰੇਮ ਲਤਾ ਮੈਂਬਰ ਦੇ ਫੋਨ ਨੰ: 87279-22202, ਸ੍ਰੀ ਤੇਜਾ ਸਿੰਘ ਮੈਂਬਰ ਦੇ ਫੋਨ ਨੰ: 94783-17414 ਅਤੇ ਸਤਨਾਮ ਸਿੰਘ (ਅਰਵ),ਫਿਰੋਜ਼ਪੁਰ ਦੇ ਫੋਨ ਨੰ: 98770^07467 ਤੇ ਸੰਪਰਕ ਕੀਤਾ ਜਾ ਸਕਦਾ ਹੈ।

## ਤੇਰੀ ਮੇਰੀ ਗੱਲ ਦੀ ਸੂਟਿੰਗ ਇੰਗਲੈਂਡ ਵਿਖੇ ਮੁਕੰਮਲ ਹੋਈ

**ਸੁਲਤਾਨਪੁਰ ਲੋਧੀ (ਰਣਜੀਤ ਸਿੰਘ ਚੰਦੀ)** ਮੇਲਿਆਂ ਅਤੇ ਧਰਨੇ ਦੇ ਬਾਦਸ਼ਾਹ ਲੋਕ ਗਾਇਕ ਦਲਵਿੰਦਰ ਦਿਆਲਪੁਰੀ ਆਪਣੇ ਨਵੇ ਗੀਤ ਦੀ ਸੂਟਿੰਗ ਕਰਨ ਲਈ ਅੱਜ ਕਲ ਯੂ ਕੇ ਇੰਗਲੈਂਡ ਦੀ ਧਰਤੀ ਤੇ ਗਏ ਹੋਏ ਨੇ ਇਸ ਸਬੰਧੀ ਲੋਕ ਗਾਇਕ ਦਲਵਿੰਦਰ ਦਿਆਲਪੁਰੀ ਨੇ ਸਾਡੇ ਪੱਤਰਕਾਰ ਨਾਲ ਇੰਗਲੈਂਡ ਤੋਂ ਫੋਨ ਤੇ ਜਾਣਕਾਰੀ ਦਿਤੀ ਕਿ ਉਹ ਆਪਣੇ ਨਵੇਂ ਗੀਤ ,ਤੇਰੀ ਮੇਰੀ ਗੱਲ ,ਦੀ ਵੀਡੀਓ ਲਈ ਇੰਗਲੈਂਡ ਵਿਚ ਆਏ ਹੋਏ ਨੇ ਓਨਾ ਨੇ ਭਾਰਤ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ



,ਆਪਣੇ ਘਰਾ ਵਿਚ ਪਰਿਵਾਰ ਨਾਲ ਖੁਸ਼ ਰਹਿਣ ਇਸ ਮੌਕੇ ਓਹਨਾ ਗਾਇਕ ਵੀਰਾ ਨੂੰ ਵੀ ਕਿਹਾ ਕਿ ਉਹ ਆਪਣੇ ਸੰਗੀਤ ਗਰੁੱਪ ਦਾ ਵੀ ਖ਼ਯਾਲ ਕਰਨ ਦਿਆਲਪੁਰੀ ਨੇ ਆਸ ਪ੍ਰਗਟ ਵ ਕਿ ਜਿਸ ਤਰਾਂ ਓਹਨਾ ਦੇ ਪਹਿਲਾ ਗੀਤਾ ਵਾਂਗੂ ਸਰੋਤਿਆਂ ਦਾ ਪਿਆਰ ਮਿਲਿਆ ਹੁਣ ਇਸੇ ਗੀਤ ਨੂੰ ਸੋਰੇਤੇ ਪਿਆਰ ਦੇਣਗੇ ਇੰਗਲੈਂਡ ਦੀ ਧਰਤੀ ਉਤੇ ਸੱਦਾ ਦੇਣ ਲਈ ਉਹ ਆਪਣੇ ਪ੍ਰਮੋਟਰਾਂ ਅਤੇ ਸਮੂਹ ਪੰਜਾਬੀਆਂ ਦਾ ਤਹਿ ਦਿਲੋਂ ਧੰਨਵਾਦ ਕਰਦਾ ਹੈ ਤੁਹਾਡਾ ਆਪਣਾ ਦਲਵਿੰਦਰ ਦਿਆਲਪੁਰੀ।